ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

https://youtu.be/LQwolgxDu7I

awazeqaumtvpunjab@gmail.com

ਸੋਮਵਾਰ, 8 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੪ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹੜ੍ਹ ਵਿੱਚ ਤੈਰਦੀ ਰਹੀ ਮਾਂ ਦੀ ਲਾਸ਼, ਮਦਦ ਲਈ ਪੁਕਾਰਦਾ ਰਿਹਾ 5 ਸਾਲ ਦਾ ਮਾਸੂਮ

**ਲਾਹੌਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋ ਰਹੀ ਹੈ ਜੋ ਪੱਥਰ ਦਿਲ ਵਾਲੇ ਵਿਅਕਤੀ ਨੂੰ ਵੀ ਰੋਣ ਲਈ ਮਜਬੂਰ ਕਰ ਸਕਦੀ ਹੈ। ਇਹ ਵੀਡੀਓ ਪਾਕਿਸਤਾਨ ਵਾਲੇ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕੇ ਦੀ ਦੱਸੀ ਜਾ ਰਹੀ ਹੈ, ਜਿੱਥੇ ਪਾਣੀ ਨੇ ਤਬਾਹੀ ਮਚਾਈ ਹੈ। ਪਰ ਇਸ ਤਬਾਹੀ ਦੇ ਵਿਚਕਾਰ ਕੈਮਰੇ 'ਤੇ ਕੈਦ ਹੋਏ ਦ੍ਰਿਸ਼ ਨੇ ਲੱਖਾਂ ਦਿਲਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇੱਕ ਮਾਸੂਮ ਬੱਚਾ ਜਿਸਨੂੰ ਇਹ ਨਹੀਂ ਪਤਾ ਕਿ ਉਸਦੀ ਮਾਂ ਉਸਨੂੰ ਛੱਡ ਗਈ ਹੈ, ਪਾਣੀ ਵਿੱਚ ਖੜ੍ਹਾ ਹੈ ਅਤੇ ਮਾਸੂਮ ਆਵਾਜ਼ ਵਿੱਚ ਮ੍ਰਿਤਕ ਦੇਹ ਨੂੰ ਬੁਲਾ ਰਿਹਾ ਹੈ। ਵੀਡੀਓ ਦੇਖਣ ਤੋਂ ਬਾਅਦ ਤੁਹਾਡਾ ਦਿਲ ਟੁੱਟ ਜਾਵੇਗਾ। ਹਾਲਾਂਕਿ, ਦਾਅਵਾ ਕੀਤਾ ਜਾ ਰਿਹਾ ਹੈ ਕਿ ਇਹ ਦ੍ਰਿਸ਼ ਪੰਜਾਬ, ਪਾਕਿਸਤਾਨ ਦਾ ਹੈ। ਵੀਡੀਓ ਵਿੱਚ, ਇੱਕ ਮਾਸੂਮ ਬੱਚਾ ਪਾਣੀ ਦੇ ਵਿਚਕਾਰ ਖੜ੍ਹਾ ਹੈ। ਉਹ ਸਿਰਫ਼ ਪੰਜ ਸਾਲ ਦਾ ਹੋਵੇਗਾ। ਉਸਦੀ ਮਾਂ ਦੀ ਲਾਸ਼ ਉਸਦੇ ਨੇੜੇ ਪਾਣੀ ਵਿੱਚ ਤੈਰ ਰਹੀ ਹੈ। ਬੱਚਾ ਵਾਰ-ਵਾਰ ਉਸਨੂੰ ਜਗਾਉਣ ਦੀ ਕੋਸ਼ਿਸ਼ ਕਰਦਾ ਹੈ। ਕਦੇ ਉਹ ਉਸਦਾ ਹੱਥ ਫੜ ਕੇ ਉਸਨੂੰ ਖਿੱਚਦਾ ਹੈ, ਕਦੇ ਉਸਨੂੰ ਬੁਲਾਉਂਦਾ ਹੈ। ਪਰ ਉਸਨੂੰ ਇਹ ਅਹਿਸਾਸ ਨਹੀਂ ਹੈ ਕਿ ਉਸਦੀ ਮਾਂ ਹੁਣ ਕਦੇ ਨਹੀਂ ਜਾਗੇਗੀ, ਕਦੇ ਉਸਦੀ ਪੁਕਾਰ ਦਾ ਜਵਾਬ ਨਹੀਂ ਦੇਵੇਗੀ। ਇਹ ਦ੍ਰਿਸ਼ ਇੰਨਾ ਦਰਦਨਾਕ ਹੈ ਕਿ ਦੇਖਣ ਵਾਲੇ ਹਿੱਲ ਜਾਣਗੇ। ਜਿੱਥੇ ਮਾਂ ਦੀ ਮੌਤ ਦਾ ਸੋਗ ਹੋਣਾ ਚਾਹੀਦਾ ਹੈ, ਉੱਥੇ ਮਾਸੂਮ ਬੱਚੇ ਨੂੰ ਅਜੇ ਤੱਕ ਇਹ ਸਮਝ ਨਹੀਂ ਆਇਆ ਕਿ ਉਸਦੀ ਦੁਨੀਆਂ ਤਬਾਹ ਹੋ ਗਈ ਹੈ।

### 'ਰਿੰਗ ਬੰਨ੍ਹ' ਟੁੱਟਣ ਤੋਂ ਬਾਅਦ ਫੌਜ ਬਣਾ ਰਹੀ ਤੀਜਾ ਬੰਨ੍ਹ

# ਲੁਧਿਆਣਾ 'ਚ ਹਾਲਾਤ ਚਿੰਤਾਜਨਕ ; ਖੇਤਾਂ ਤੱਕ ਪਹੁੰਚਿਆ ਪਾਣੀ

**ਲੁਧਿਆਣਾ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ 10 ਸਤੰਬਰ ਤੱਕ ਮੀਂਹ ਸਬੰਧੀ ਕੋਈ ਅਲਰਟ ਜਾਰੀ ਨਹੀਂ ਕੀਤਾ ਗਿਆ ਹੈ। ਇਸ ਵਿਚਾਲੇ ਅਗਲੇ 3 ਦਿਨਾਂ ਤੱਕ ਸੂਬੇ ਵਿੱਚ ਮੌਸਮ ਆਮ ਰਹਿਣ ਵਾਲਾ ਹੈ। ਇਸ ਦੌਰਾਨ, ਇਹ ਰਾਹਤ ਦੀ ਗੱਲ ਹੈ ਕਿ ਭਾਖੜਾ ਦੇ ਪਾਣੀ ਦਾ ਪੱਧਰ ਲਗਾਤਾਰ ਘੱਟ ਰਿਹਾ ਹੈ। ਪੰਜਾਬ ਤੋਂ ਇਲਾਵਾ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿੱਚ ਮੀਂਹ ਸਬੰਧੀ ਕੋਈ ਅਲਰਟ ਜਾਰੀ ਨਹੀਂ ਕੀਤਾ ਗਿਆ ਹੈ। ਲੁਧਿਆਣਾ ਦੇ ਸਸਰਾਲੀ ਬੰਨ੍ਹ ਦੇ ਟੁੱਟਣ ਦਾ ਖ਼ਤਰਾ ਬਣਿਆ ਹੋਇਆ ਹੈ। ਸ਼ੁੱਕਰਵਾਰ ਅੱਧੀ ਰਾਤ ਨੂੰ ਇੱਥੇ ਸਤਲੁਜ ਦਰਿਆ 'ਤੇ ਪਿੰਡ ਸਸਰਾਲੀ ਵਿੱਚ ਬਣਿਆ ਬੰਨ੍ਹ ਕਮਜ਼ੋਰ ਹੋ ਗਿਆ। ਜਿਸ ਤੋਂ ਬਾਅਦ ਪਾਣੀ ਖੇਤਾਂ ਤੱਕ ਪਹੁੰਚ ਗਿਆ। ਆਬਾਦੀ ਵੱਲ ਜਾ ਰਹੇ ਪਾਣੀ ਦੇ ਵਹਾਅ ਨੂੰ ਰੋਕਣ ਲਈ, ਪ੍ਰਸ਼ਾਸਨ ਨੇ ਫੌਜ ਅਤੇ ਐਨਡੀਆਰਐਫ ਦੀ ਮਦਦ ਨਾਲ ਇੱਕ ਰਿੰਗ ਬੰਨ੍ਹ ਬਣਾਇਆ ਸੀ, ਪਰ ਸ਼ਨੀਵਾਰ ਨੂੰ ਇਸ 'ਤੇ ਵੀ ਖਤ.ਰਾ ਬਣਨਾ ਸ਼ੁਰੂ ਹੋ ਗਿਆ, ਜਿਸ ਨੂੰ ਦੇਖਦੇ ਹੋਏ ਤੀਜਾ ਬੰਨ੍ਹ ਬਣਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ, ਅੰਮ੍ਰਿਤਸਰ ਵਿੱਚ ਬੰਨ੍ਹ ਬਣਾਉਣ ਦਾ ਕੰਮ ਵੀ ਤੇਜ਼ ਕਰ ਦਿੱਤਾ ਗਿਆ ਹੈ। ਅਗਲੇ 4 ਦਿਨਾਂ ਤੱਕ ਮੀਂਹ ਦਾ ਕੋਈ ਅਲਰਟ ਨਹੀਂ ਹੈ, ਜਿਸ ਕਾਰਨ ਰਾਵੀ ਦੇ ਪਾਣੀ ਦਾ ਪੱਧਰ ਵਧਣ ਦੀ ਸੰਭਾਵਨਾ ਬਹੁਤ ਘੱਟ ਹੈ। ਅੰਮ੍ਰਿਤਸਰ ਪ੍ਰਸ਼ਾਸਨ ਨੇ ਵੀ ਇਸ ਕੰਮ ਵਿੱਚ ਫੌਜ ਦੀ ਮਦਦ ਲਈ ਹੈ। ਇਸ ਦੇ ਨਾਲ ਹੀ, ਅੱਜ ਪੰਜਾਬ ਕਾਂਗਰਸ ਇੰਚਾਰਜ ਭੁਪੇਸ਼ ਬਘੇਲ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਦੌਰੇ 'ਤੇ ਆ ਰਹੇ ਹਨ। ਕੱਲ੍ਹ ਉਹ ਫਿਰੋਜ਼ਪੁਰ, ਫਾਜ਼ਿਲਕਾ ਅਤੇ ਤਰਨਤਾਰਨ ਦੇ ਦੌਰੇ 'ਤੇ ਸਨ। ਅੰਮ੍ਰਿਤਸਰ ਦੇ ਏਡੀਸੀ ਰੋਹਿਤ ਗੁਪਤਾ ਨੇ ਕਿਹਾ ਕਿ ਹੁਣ ਤੱਕ ਦੀਆਂ ਰਿਪੋਰਟਾਂ ਅਨੁਸਾਰ, ਜ਼ਿਲ੍ਹੇ ਦੇ 190 ਪਿੰਡ ਹੜ੍ਹਾਂ ਦੀ ਲਪੇਟ ਵਿੱਚ ਆਏ ਹਨ। ਇਨ੍ਹਾਂ ਪਿੰਡਾਂ ਵਿੱਚ ਰਹਿਣ ਵਾਲੀ ਲਗਭਗ 1.35 ਲੱਖ ਆਬਾਦੀ ਪ੍ਰਭਾਵਿਤ ਹੋਈ ਹੈ। ਇਸ ਸਮੇਂ ਦੌਰਾਨ, 5 ਲੋਕਾਂ ਦੀ ਮੌਤ ਹੋ ਗਈ ਹੈ, ਜਦੋਂ ਕਿ 2 ਲੋਕ ਜ਼ਖਮੀ ਹੋਏ ਹਨ ਅਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਹੜ੍ਹਾਂ ਕਾਰਨ 134 ਘਰ ਨੁਕਸਾਨੇ ਗਏ ਹਨ ਅਤੇ 18 ਜਾਨਵਰਾਂ ਦੀ ਮੌਤ ਹੋ ਗਈ ਹੈ।



## ਅੱਜ ਹੋਵੇਗੀ ਪੰਜਾਬ ਕੈਬਨਿਟ ਦੀ ਅਹਿਮ ਮੀਟਿੰਗ, ਮੁੱਖ ਮੰਤਰੀ ਮਾਨ ਹਸਪਤਾਲ ਚੋਂ ਹੀ ਲੈਣਗੇ ਮੀਟਿੰਗ 'ਚ ਹਿੱਸਾ

**ਚੰਡੀਗੜ੍ਹ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਕੈਬਿਨੇਟ ਦੀ ਅਹਿਮ ਮੀਟਿੰਗ ਹੋਣ ਜਾ ਰਹੀ ਹੈ। ਇਹ ਮੀਟਿੰਗ ਕੱਲ੍ਹ ਦੁਪਹਿਰ 12 ਵਜੇ ਸੀਐਮ ਨਿਵਾਸ 'ਤੇ ਹੋਵੇਗੀ। ਇਸ ਦੌਰਾਨ ਹੜ੍ਹਾਂ ਨਾਲ ਹੋਈ ਤਬਾਹੀ ਨਾਲ ਨਜਿੱਠਣ ਸਬੰਧੀ ਵੱਡੇ ਫੈਸਲੇ ਲਏ ਜਾ ਸਕਦੇ ਹਨ। ਜ਼ਿਕਰ ਕਰ ਦਈਏ ਕਿ ਸੀਐਮ ਭਗਵੰਤ ਮਾਨ ਅਜੇ ਵੀ ਹਸਪਤਾਲ 'ਚ ਦਾਖ਼ਲ ਤੇ ਉਹ ਪੂਰੀ ਤਰ੍ਹਾਂ ਸਿਹਤਮੰਦ ਨਹੀਂ ਹਨ ਤੇ ਇਹ ਵੀ ਕਿਹਾ ਜਾ ਰਿਹਾ ਹੈ ਕਿ ਉਹ ਹਸਪਤਾਲ ਤੋਂ ਹੀ ਮੀਟਿੰਗ ਵਿੱਚ ਹਿੱਸਾ ਲੈਣਗੇ। ਮੁੱਖ ਮੰਤਰੀ ਭਗਵੰਤ ਮਾਨ ਵੀਡੀਓ ਕਾਨਫਰੰਸ ਰਾਹੀਂ ਕੈਬਿਨਟ ਮੀਟਿੰਗ 'ਚ ਸ਼ਾਮਲ ਹੋਣਗੇ। ਇਸ ਮੌਕੇ ਸੀਐਮ ਮਾਨ ਨੇ ਕਿਹਾ - "ਲੋਕਾਂ ਦੀ ਸੇਵਾ ਹੀ ਮੇਰੀ ਤਰਜੀਹ ਹੈ" ਪੰਜਾਬ ਵਿੱਚ ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨਾਂ ਨੂੰ ਸਰਕਾਰ ਵੱਡੀ ਰਾਹਤ ਦੇਣ ਜਾ ਰਹੀ ਹੈ। ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਮਨੀਸ਼ ਸਿਸੋਦੀਆ ਨੇ ਕਿਹਾ ਕਿ ਜਲਦੀ ਹੀ ਸੂਬਾ ਸਰਕਾਰ ਅਜਿਹੀ ਨੀਤੀ ਲਿਆਉਣ ਜਾ ਰਹੀ ਹੈ, ਜਿਸ ਨਾਲ ਕਿਸਾਨ ਆਪਣੇ ਖੇਤਾਂ ਵਿੱਚ ਜਮ੍ਹਾ ਰੇਤ ਨੂੰ ਕੱਢ ਸਕਣਗੇ। ਯਾਨੀ ਕਿਸਾਨ ਹੜ੍ਹਾਂ ਕਾਰਨ ਖੇਤਾਂ ਵਿੱਚ ਜਮ੍ਹਾ ਰੇਤ ਦੀ ਖੁਦਾਈ ਕਰ ਸਕਣਗੇ। ਇਸ 'ਤੇ ਸਰਕਾਰ ਵੱਲੋਂ ਕੋਈ ਪਾਬੰਦੀ ਨਹੀਂ ਹੋਵੇਗੀ। ਸਿਸੋਦੀਆ ਨੇ ਕਿਹਾ ਕਿ ਮੌਜੂਦਾ ਮਾਈਨਿੰਗ ਨੀਤੀ ਤਹਿਤ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚੋਂ ਰੇਤ ਕੱਢਣ ਦੀ ਇਜਾਜ਼ਤ ਨਹੀਂ ਹੈ ਪਰ ਮੌਜੂਦਾ ਸਥਿਤੀ ਅਸਾਧਾਰਨ ਹੈ, ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਨਾਲ ਗੱਲ ਕਰਨ ਤੋਂ ਬਾਅਦ ਇਹ ਫੈਸਲਾ ਲਿਆ ਗਿਆ ਹੈ ਕਿ ਨਵੀਂ ਨੀਤੀ ਲਿਆ ਕੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚੋਂ ਰੇਤ ਕੱਢਣ ਦੀ ਇਜਾਜ਼ਤ ਦਿੱਤੀ ਜਾਵੇਗੀ। ਦੱਸ ਦਈਏ ਕਿ ਪੰਜਾਬ ਦੇ ਸਾਰੇ 23 ਜ਼ਿਲ੍ਹੇ ਹੜ੍ਹਾਂ ਦੀ ਲਪੇਟ ਵਿੱਚ ਹਨ। 8 ਤੋਂ ਵੱਧ ਜ਼ਿਲ੍ਹਿਆਂ ਦੇ ਪਿੰਡ ਅਜੇ ਵੀ 4-4 ਫੁੱਟ ਤੱਕ ਪਾਣੀ ਨਾਲ ਭਰੇ ਹੋਏ ਹਨ।



## ਆਮਦਨ ਕਰ ਵਿਭਾਗ ਵੱਲੋਂ 35 ਥਾਵਾਂ 'ਤੇ ਛਾਪੇਮਾਰੀ , 90 ਘੰਟੇ ਚੱਲੀ ਕਾਰਵਾਈ




**ਲੁਧਿਆਣਾ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਮਦਨ ਕਰ ਵਿਭਾਗ ਦੇ ਜਾਂਚ ਵਿੰਗ ਵੱਲੋਂ ਲੁਧਿਆਣਾ, ਚੰਡੀਗੜ੍ਹ, ਫਿਰੋਜ਼ਪੁਰ ਅਤੇ ਜਲੰਧਰ 'ਚ 35 ਥਾਵਾਂ 'ਤੇ ਕੀਤੀ ਛਾਪੇਮਾਰੀ ਦੇਰ ਰਾਤ ਸਮਾਪਤ ਹੋ ਗਈ। ਕਾਰਵਾਈ ਦੌਰਾਨ ਅਧਿਕਾਰੀਆਂ ਨੇ 10 ਕਰੋੜ ਤੋਂ ਵੱਧ ਦੀ ਨਕਦੀ, ਗਹਿਣੇ-ਸੋਨੇ, 15 ਤੋਂ 16 ਲਾਕਰ, ਬੇਹਿਸਾਬੀ ਜਾਇਦਾਦ ਵਿਕਰੀ-ਖਰੀਦ ਸਮਝੌਤੇ, ਵਿਦੇਸ਼ੀ ਕਰੰਸੀ ਜ਼ਬਤ ਕੀਤੀ। ਮੰਗਲਵਾਰ ਸਵੇਰੇ 30 ਥਾਵਾਂ ਤੋਂ ਸ਼ੁਰੂ ਹੋਈ ਆਮਦਨ ਕਰ ਵਿਭਾਗ ਦੀ ਕਾਰਵਾਈ ਵਧ ਕੇ 35 ਥਾਵਾਂ ਤੱਕ ਪਹੁੰਚ ਗਈ ਹੈ, ਜਿਨ੍ਹਾਂ 'ਚ ਫਾਈਨਾਂਸਰ ਚੇਤਨ ਜੈਨ, ਫਾਈਨਾਂਸਰ ਮੋਹਿਤ ਜੈਨ, ਝੰਡੂ ਪ੍ਰਮੋਟਰ, ਮਸ਼ਹੂਰ ਮੋਬਾਈਲ ਵਿਕ੍ਰੇਤਾ, ਰਾਣਾ ਪ੍ਰਾਪਰਟੀ, ਮਨੀ ਐਕਸਚੇਂਜ ਡੀਲਰ ਪ੍ਰਿੰਸ, ਸੁਭਾਸ਼ ਪੋਲੀਟੈਕਸ ਦੇ ਸੌਰਭ ਕੇਜਰੀਵਾਲ, ਮਨਪ੍ਰੀਤ ਸਿੰਘ ਬੰਟੀ ਅਤੇ ਉਕਤ ਸਾਰੇ ਵਿਅਕਤੀਆਂ ਨਾਲ ਲੈਣ-ਦੇਣ ਕਰਨ ਵਾਲੇ ਸ਼ਾਮਲ ਹਨ। ਛਾਪੇਮਾਰੀ ਦੌਰਾਨ ਮਹੱਤਵਪੂਰਨ ਦਸਤਾਵੇਜ਼ ਅਤੇ ਡੇਟਾ ਜ਼ਬਤ ਕੀਤਾ ਗਿਆ ਹੈ। ਵਿਭਾਗੀ ਸੂਤਰਾਂ ਦਾ ਮੰਨਣਾ ਹੈ ਕਿ ਇਸ ਕਾਰਵਾਈ ਤੋਂ ਕਰੋੜਾਂ ਰੁਪਏ ਬਰਾਮਦ ਕੀਤੇ ਗਏ ਹਨ। ਇਸ ਦੇ ਨਾਲ ਹੀ, ਅਧਿਕਾਰੀ ਨੇ ਹਰ ਚੀਜ਼ ਦੀ ਸੂਚੀ ਵੀ ਬਣਾਈ ਅਤੇ ਸ਼ੁੱਕਰਵਾਰ ਨੂੰ ਛਾਪੇਮਾਰੀ ਪੂਰੀ ਕਰਨ ਤੋਂ ਬਾਅਦ ਚਲੇ ਗਏ। ਦੱਸ ਦੇਈਏ ਕਿ ਮੋਬਾਈਲ ਵੇਚਣ ਵਾਲੇ ਦੇ ਟਿਕਾਣੇ 'ਤੇ ਇਸ ਛਾਪੇਮਾਰੀ ਦੌਰਾਨ ਜ਼ਰੂਰੀ ਦਸਤਾਵੇਜ਼ਾਂ ਦੀ ਸੂਚੀ ਤਿਆਰ ਕਰਦੇ ਸਮੇਂ ਅਤੇ ਵਿਭਾਗ ਨੂੰ ਜੋ ਕੁਝ ਮਿਲਿਆ, ਉਸ ਤੋਂ ਬਾਅਦ ਉਕਤ ਕਾਰੋਬਾਰੀ ਦੀ ਸਿਹਤ ਵਿਗੜ ਗਈ, ਜਿਸ ਕਾਰਨ ਉਸ ਨੂੰ ਤੁਰੰਤ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ। ਕਾਰਵਾਈ ਦੌਰਾਨ, ਅਧਿਕਾਰੀਆਂ ਨੂੰ ਵਿਦੇਸ਼ੀ ਕਰੰਸੀ ਮਿਲੀ ਹੈ, ਜੇਕਰ ਜ਼ਬਤ ਕੀਤੀ ਕਰੰਸੀ ਹੱਦ ਤੋਂ ਵੱਧ ਹੈ, ਤਾਂ ਆਮਦਨ ਕਰ ਵਿਭਾਗ ਇਸ ਮਾਮਲੇ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ ਨੂੰ ਸੌਂਪ ਸਕਦਾ ਹੈ, ਜਿਸ ਤੋਂ ਬਾਅਦ ਈ. ਡੀ. ਮਨੀ ਲਾਂਡਰਿੰਗ ਐਕਟ ਤਹਿਤ ਮਾਮਲੇ 'ਚ ਅੱਗੇ ਦੀ ਕਾਰਵਾਈ ਕਰੇਗੀ।

## ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ; ਗੁਰਦੁਆਰਾ ਧੋਬੜੀ ਸਾਹਿਬ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ

**ਉਤਰਾਖੰਡ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਉਤਰਾਖੰਡ ਤੋਂ ਆਪਣੇ ਅਗਲੇ ਪੜਾਅ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਬਰੇਲੀ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨਾਂ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਨੇ ਸੰਗਤਾਂ ਨਾਲ ਗੁਰਬਾਣੀ ਗੁਰ-ਇਤਿਹਾਸ ਬਾਰੇ ਵਿਚਾਰਾਂ ਦੀ ਸਾਂਝ ਪਾਈ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਨਾਨਕਮਤਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਹਾਜਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ ਅੱਜ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਉਤਰਾਖੰਡ ਤੋਂ ਆਰੰਭ ਹੋ ਕੇ ਸਿਤਾਰਗੰਜ, ਬੜ੍ਹਾਪੁਰ, ਅਮਰੀਆ, ਨਵਾਬਗੰਜ, ਹਾਫਿਸਗੰਜ, ਬਰੇਲੀ ਕੈਂਪ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਬਰੇਲੀ ਵਿਖੇ ਪੁੱਜਾ। ਨੌਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਇਸ ਨਗਰ ਕੀਰਤਨ ਪ੍ਰਤੀ ਸਥਾਨਕ ਸੰਗਤਾਂ ਵਿਚ ਵੱਡਾ ਉਤਸ਼ਾਹ ਹੈ। ਰਸਤੇ ਵਿਚ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ। ਦੱਸਣਯੋਗ ਹੈ ਕਿ ਇਹ ਸ਼ਹੀਦੀ ਨਗਰ ਕੀਰਤਨ ਅੱਜ ਰਾਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਬਰੇਲੀ ਵਿਖੇ ਰੁਕੇਗਾ, ਜਿਥੋਂ 8 ਸਤੰਬਰ ਨੂੰ ਅਗਲੇ ਪੜਾਅ ਕਾਸ਼ੀਪੁਰ ਉਤਰਾਖੰਡ ਲਈ ਰਵਾਨਾ ਹੋਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਅਮਰਜੀਤ ਸਿੰਘ ਭਲਾਈਪੁਰ, ਅਮਰਜੀਤ ਸਿੰਘ ਬੰਡਾਲਾ, ਮੀਤ ਸਕੱਤਰ ਗੁਰਨਾਮ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਨਾਨਕਮਤਾ ਸਾਹਿਬ ਦੇ ਪ੍ਰਧਾਨ ਜੋਗਿੰਦਰ ਸਿੰਘ, ਅਮਰਜੀਤ ਸਿੰਘ, ਬਾਬਾ ਪਾਲ ਸਿੰਘ ਕਾਰ ਸੇਵਾ ਆਗਰਾ, ਜਥੇਦਾਰ ਬਾਬਾ ਕੁਲਦੀਪ ਸਿੰਘ, ਬਾਬਾ ਮੋਹਨ ਸਿੰਘ ਕਾਰ ਸੇਵਾ ਵਾਲੇ, ਇੰਚਾਰਜ ਜਗਜੀਤ ਸਿੰਘ, ਸਿਮਰਨਜੀਤ ਸਿੰਘ ਕੰਗ, ਚੀਫ ਗੁਰਦੁਆਰਾ ਇੰਸਪੈਕਟਰ ਜਗਦੀਸ਼ ਸਿੰਘ ਬੁੱਟਰ, ਇੰਚਾਰਜ ਸਿੱਖ ਮਿਸ਼ਨ ਉੱਤਰਾਖੰਡ ਭਾਈ ਸੁਖਵਿੰਦਰ ਸਿੰਘ, ਮੀਤ ਮੈਨੇਜਰ ਰਵਿੰਦਰਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਸਮੇਤ ਸੰਗਤਾਂ ਹਾਜ਼ਰ ਸਨ।



## ਪੰਜਾਬ 'ਚ ਪ੍ਰਧਾਨ ਮੰਤਰੀ ਮੋਦੀ ਦੀ ਫੇਰੀ ਦੇ ਮੱਦੇਨਜ਼ਰ ਲੱਗੀ ਵੱਡੀ ਪਾਬੰਦੀ, 3 ਦਿਨ ਲਈ ਹੁਕਮ ਜਾਰੀ

**ਗੁਰਦਾਸਪੁਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 9 ਸਤੰਬਰ ਮੰਗਲਵਾਰ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲੈਣ ਲਈ ਮਿਤੀ 9 ਸਤੰਬਰ 2025 ਨੂੰ ਆ ਰਹੇ ਹਨ। ਇਸ ਦੇ ਮੱਦੇਨਜ਼ਰ ਡਾ. ਹਰਜਿੰਦਰ ਸਿੰਘ ਬੇਦੀ, ਆਈ.ਏ.ਐੱਸ, ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਸਖ਼ਤ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਹਰ ਤਰ੍ਹਾਂ ਦੇ ਡਰੋਨ ਨੂੰ ਉਡਾਉਣ 'ਤੇ ਮਿਤੀ 7 ਸਤੰਬਰ 2025 ਤੋਂ 9 ਸਤੰਬਰ 2025 ਤੱਕ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਮਾਮਲੇ ਦੀ ਗੰਭੀਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫ਼ਾ ਪਾਸ ਕਰਕੇ ਸਮੂਹ ਜਨਤਾ ਨੂੰ ਸੰਬੋਧਿਤ ਕੀਤਾ ਗਿਆ ਹੈ।



**ਪਿੰਡ ਵਜੀਦਕੇ ਕਲਾਂ ਵਿਖੇ ਤਿੰਨ ਥਾਵਾਂ 'ਤੇ ਡਿੱਗੀ ਅਸਮਾਨੀ ਬਿਜਲੀ, ਵੱਡੇ ਨੁਕਸਾਨ ਤੋਂ ਬਚਾਅ :** ਐਤਵਾਰ ਬਾਅਦ ਦੁਪਹਿਰ ਪਈ ਬਰਸਾਤ ਦੌਰਾਨ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਵਜੀਦਕੇ ਕਲਾਂ ਵਿੱਚ ਅਸਮਾਨੀ ਬਿਜਲੀ ਤਿੰਨ ਵੱਖ-ਵੱਖ ਥਾਵਾਂ 'ਤੇ ਡਿੱਗਣ ਕਾਰਨ ਦਹਿਸ਼ਤ ਦਾ ਮਾਹੌਲ ਬਣ ਗਿਆ। ਖੁਸ਼ਿਕਸਮਤੀ ਨਾਲ ਕਿਸੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਮਿਲੀ। ਬਿਜਲੀ ਡਿੱਗਣ ਨਾਲ ਗੁਰਨਾਮ ਸਿੰਘ ਪੁੱਤਰ ਮੇਹਰ ਸਿੰਘ ਅਕਾਲੀ ਦੇ ਘਰ ਲੱਗਾ ਔਲੇ ਦਾ ਦਰੱਖਤ ਵਿਚਕਾਰੋਂ ਪਾੜ ਗਿਆ, ਜਦਕਿ ਪਿਆਰਾ ਸਿੰਘ ਪੁੱਤਰ ਪ੍ਰਕਾਸ਼ ਸਿੰਘ ਦੇ ਘਰ ਲੱਗਾ ਨਿਮ ਦਾ ਡਾਹਣਾ ਟੁੱਟ ਕੇ ਡਿੱਗ ਗਿਆ। ਇਸ ਤੋਂ ਇਲਾਵਾ ਦਲਵੀਰ ਸਿੰਘ ਗੋਲਡੀ ਦੇ ਘਰ ਦੇ ਨਜ਼ਦੀਕ ਲੱਗੇ ਬਿਜਲੀ ਦੇ ਟਰਾਂਸਫਾਰਮਰ 'ਤੇ ਬਿਜਲੀ ਡਿੱਗਣ ਨਾਲ ਜ਼ੋਰਦਾਰ ਧਮਾਕਾ ਹੋਇਆ ਅਤੇ ਪਿੰਡ ਦੀ ਬਿਜਲੀ ਸਪਲਾਈ ਬੰਦ ਹੋ ਗਈ। ਇਸ ਮੌਕੇ ਗੁਰਨਾਮ ਕੌਰ ਤੇ ਮਹਿਲਾ ਕਿਸਾਨ ਆਗੂ ਕੁਲਵਿੰਦਰ ਕੌਰ ਵਜੀਦਕੇ ਨੇ ਦੱਸਿਆ ਕਿ ਸ਼ਾਮ ਲਗਭਗ ਚਾਰ ਵਜੇ ਬਿਜਲੀ ਡਿੱਗਣ ਸਮੇਂ ਇੰਨਾ ਭਾਰੀ ਖੜਾਕ ਹੋਇਆ ਕਿ ਆਂਢ-ਗੁਆਂਢ ਦੇ ਘਰਾਂ ਦੇ ਬੂਹੇ ਤੇ ਖਿੜਕੀਆਂ ਹਿੱਲ ਗਈਆਂ।

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵੱਲੋਂ



# ਪੰਜ ਤਖ਼ਤ ਸਾਹਿਬਾਨ

ਅਤੇ

## 32 ਤੋਂ ਵੱਧ ਹੋਰ ਇਤਿਹਾਸਕ ਗੁਰਧਾਮਾਂ ਦੀ ਯਾਤਰਾ

29 ਅਕਤੂਬਰ ਤੋਂ 8 ਨਵੰਬਰ 2025 ਅਤੇ 15 ਫਰਵਰੀ 2026 ਤੋਂ 25 ਫਰਵਰੀ 2026

ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਂਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

★ ਸੰਪਰਕ ★

ਭਾਈ ਰਘਵੀਰ ਸਿੰਘ
+44 7976 210161




CROWN
INTERIOR DESIGN
DESIGN - MANUFACTURING SUPPLY AND FITTING
Follow us on :
DEALS IN :
ਆਵਾਜ਼ਿ ਕੌਮ AWAZE QAUM
International Newspaper & WEB TV
Kitchens
Bedrooms
Media Wall
Loft
Wardrobes & Sliding Doors
Dressing Table
Study Room
Bar
All Inclusive Free Measurement
Design & Quotes
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
SCAN HERE FOR WEBSITE


SCAN HERE FOR WEBSITE
Follow us on :
CROWN
INTERIOR DESIGN
DESIGN - MANUFACTURING SUPPLY AND FITTING
07878947025, 07588 336444
info@crowninteriordesigns.com
Unit 86, Imex Trading Estate, Upper Villiers Street
Wolverhampton, WV2 4XA
ਆਵਾਜ਼ ਕੌਮ
AWAZE QAUM
International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ
350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ
ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ
ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV


ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ
ਆਵਾਜ਼ਿ ਕੌਮ AWAZE QAUM TV
AWAZE QAUM TOURS & TRAVELS
ORGANISE
PANJ TAKHAT YATRA
ਪੰਜ ਤਖ਼ਤ ਦਰਸ਼ਨ ਯਾਤਰਾ
( FROM 15th FEB 2026 TO 25th FEB 2026 )
10 Nights 11 Days Tour From 15th Feb 2026 to 25th Feb 2026
AKAL TAKHAT SAHIB & 5 OTHER PLACES | HYDRABAD & 2 OTHER PLACES
HAZUR SAHIB & 8 OTHER GURUDWARAS | PATNA SAHIB & 5 OTHER GURUDWARA
CHANDIGARH & SUKHNA LAKE | ANANDPUR SAHIB & 4 OTHER GURUDWARAS
DAMDAMA SAHIB & 3 OTHER GURUDWARAS
• Luxury Hotel with Breakfast & Dinner
• Luxury Air-conditioned Coaches
• Domestic Flights
• Guide
• Flexibility to stay in India before & after the trip*
• Starting and Ending Point at Jalandhar
NOTE: TO BOOK DEPOSIT £600 AS AN ADVANCE INTO THE MENTIONED BANK ACCOUNT
BALANCE AMOUNT NEED TO BE DEPOSITED 2 WEEKS BEFORE THE TRAVEL DATE
Account Name RAGHBIR SINGH
Bank Name HALIFAX
Sort Code 11-08-07
Account Number 00516474
ADVICE
REQUEST TO ALL SANGAT TO HAVE YOUR OWN TRAVEL INSURANCE INDIVIDUALLY !
FOR MORE INFO CONTACT
RAGHBIR SINGH
(CALL +44 7458 381111, +44 7976 210161)
PARAMJIT SHERGILL +44 7858 198159
INDERJIT KAUR +44 7883 635835
KULVINDER MANN +44 7900 982906
121, BROADWAY WEST WALSALL, WEST MIDLANDS, WS1 4DW, ENGLAND UK

## ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

**1 ਨਵੰਬਰ 2025 ਦਿਨ ਸ਼ਨੀਵਾਰ ਨੂੰ**

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# PANJ TAKHAT YATRA

**Thank you for choosing us to go to PANJ TAKHAT YATRA in February 2026 (15th Feb – 25thFeb 2026). During the stay we will try to provide you with all the possible facilities to make this trip a memorable one.**

## Tour Package

**Akal Takhat Sahib & 5 Other Places**
**Hydrabad & 5 Other Places**
**Hazur Sahib & 8 Other Gurudwaras**
**Patna Sahib & 5 Other Gurudwaras**
**Chandigarh & Sukhna Lake**
**Anandpur Sahib & 4 Other Gurudwaras**
**Damdama Sahib & 3 Other Gurudwaras**

- Luxury Hotel With Breakfast & Dinner
- Luxury Air-Conditioned Coaches
- Domestic Flights
- Guided
- Flexibility to stay in India before & after the trip
- Starting and Ending Point at Jalandhar

**Note : To Book Deposit £600 as an advance into the mentioned bank account balance amout need to be deposited 2 weeks before the travel date.**

**Account Name : RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

**Contact Detail :**
**+44 7458 381111 +44 7976 210161**
**email: gnstuk@hotmail.com**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

**--ADVICE--**
**Request to all Sangat to have own travel Insurance individualy!**

**Program is subject to change without Prior Notice.**

ਆਵਾਜ਼ਿ ਕੌਮ AWAZE QAUM

## JOURNEY OF A LIFE TIME
# PANJ TAKHAT YATRA
## 5 TAKHAT YATRA - 10 NIGHTS / 11 DAYS

ਆਵਾਜ਼ਿ ਕੌਮ AWAZE QAUM

### 15th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 16th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 17th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 18th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 19th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 20th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 21st Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 22th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 23rd Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 24th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 25th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**FOR MORE INFORMATION PLS. CONTACT**

| RAGHBIR SINGH | PARAMJIT SHERGILL | INDERJIT KAUR | KULVINDER MANN |
|---|---|---|---|
| +44 7458 381111, +44 7976 210161 | +44 7858 198159 | +44 7883 635835 | +44 7900 982906 |

ਚਰਨ ਸਰਨਿ ਗੁਰ ਏਕ ਪੈਡਾ ਜਾਇ ਚਲ
ਸਤਿਗੁਰ ਕੋਟਿ ਪੈਡਾ ਆਗੇ ਹੋਇ ਲੇਤ ਹੈ

ਵਾਹਿਗੁਰੂ ਜੀ ਕਾ ਖਾਲਸਾ।

# ਆਵਾਜ਼ਿ ਕੌਮ AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼

ਵਾਹਿਗੁਰੂ ਜੀ ਕੀ ਫ਼ਤਹਿ ॥


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**



ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 15 ਫਰਵਰੀ 2026 ਤੋਂ 25 ਫਰਵਰੀ 2026 (10 ਰਾਤ, 11 ਦਿਨ) ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਾਵਾਰਾ ਸ੍ਰੀ ਦੁਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 15 ਫਰਵਰੀ, 2026 ਨੂੰ ਸ਼ੁਰੂ ਹੋਵੇਗੀ ਤੇ ਇੱਥੇ ਹੀ 25 ਫਰਵਰੀ, 2026 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ੍ਰੀ ਆਨੰਦਪੁਰ ਸਾਹਿਬ, ਸ੍ਰੀ ਦਮਦਮਾ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਲਗਜ਼ਰੀ ਏ. ਸੀ. ਕੋਚ
- ਡੋਮੈਸਟਿਕ ਫਲਾਈਟਾਂ
- ਗਾਈਡ
- ਯਾਤਰਾਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਇੰਡੀਆ 'ਚ ਸਟੇਅ ਕੀਤਾ ਜਾ ਸਕਦਾ ਹੈ।
- ਪਹਿਲਾ ਅਤੇ ਅੰਤਿਮ ਪੜਾਅ ਜਲੰਧਰ ਵਿਖੇ।

ਬੁੱਕ ਕਰਨ ਲਈ 600 ਪੌਂਡ ਐਡਵਾਂਸ ਦੇ ਤੌਰ 'ਤੇ ਜਮ੍ਹਾਂ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਯਾਤਰਾ ਤੋਂ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

### ਅਕਾਊਂਟ ਨੰਬਰ ਤੇ ਡਿਟੇਲ

Account Name: RAGHBIR SINGH
Bank Name : HALIFAX
Sort Code : 11-08-07
Account No. : 00516474

ਸੰਪਰਕ ਨੰ. :
+44 7458 381111 +44 7976 210161
email: gnstuk@hotmail.com

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

★ ਸਲਾਹ ★
ਸਮੂਹ ਸੰਗਤ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਤੌਰ 'ਤੇ ਟਰੈਵਲ ਇੰਸ਼ੋਰੈਂਸ ਕਰਵਾ ਲੈਣ

ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ

10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :

### 15 ਫਰਵਰੀ (ਦਿਨ 1)



ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 16 ਫਰਵਰੀ (ਦਿਨ 2)



ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖ਼ੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 17 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿਬ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੇਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 18 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 19 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 20 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ੍ਰੀ ਪਟਨਾ ਸਾਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 21 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 22 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 23 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 24 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜ਼ੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 25 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।

--★ ਯਾਤਰਾ ਵਿੱਚ ਸ਼ਾਮਲ ਹੋਣ ਅਤੇ ਹੋਰ ਵਧੇਰੇ ਜਾਣਕਾਰੀ ਲਈ ਦਿੱਤੇ ਗਏ ਨੰਬਰਾਂ 'ਤੇ ਸੰਪਰਕ ਕਰੋ ★--

| | | | |
|---|---|---|---|
| **RAGHBIR SINGH** | **PARAMJIT SHERGILL** | **INDERJIT KAUR** | **KULWINDER MANN** |
| **+44 7458 381111, +44 7976 210161** | **+44 7858 198159** | **+44 7883 635835** | **+44 7900 982906** |





**7 ਸਤੰਬਰ 2021 ਵਾਲੇ ਦਿਨ**

# ਸਿੱਖ ਸੰਘਰਸ਼ ਦੇ ਲਈ, ਸੰਘਰਸ਼ਸ਼ੀਲ ਅਤੇ ਭਾਈ ਰਣਜੀਤ ਸਿੰਘ ਨੀਟਾ ਦੀ ਧਰਮਸੁਪਤਨੀ ਬੀਬੀ ਚਰਨਜੀਤ ਕੌਰ ਜੰਮੂ ਦਾ ਦੇਹਾਂਤ ਹੋ ਗਿਆ

**ਖਾਲਸਾ** ਰਾਜ ਦੀ ਪ੍ਰਾਪਤੀ ਦੇ ਸੰਘਰਸ਼ ਵਿੱਚ ਸਿੱਖ ਬੀਬੀਆਂ ਦਾ ਯੋਗਦਾਨ ਕਿਸੇ ਵੀ ਪੱਖੋਂ ਘੱਟ ਨਹੀਂ ਹੈ। ਖਾੜਕੂਵਾਦ ਦੇ ਦੌਰਾਨ, ਜਿੱਥੇ ਇੱਕ ਪਾਸੇ ਸਿੱਖ ਨੌਜਵਾਨਾਂ ਉਪਰ ਪੁਲਿਸ ਨੇ ਆਪਣੇ ਜੁਲਮਾਂ ਦੀ ਹਨੇਰੀ ਚਲਾਈ ਸੀ ਉਥੇ ਸਿੱਖ ਬੀਬੀਆਂ ਨੇ ਵੀ ਆਪਣੇ ਪਿੰਡੇ ਉੱਪਰ ਜੋ ਤਸ਼ਦਤ, ਜੋ ਜੁਲਮ ਸਿਹਾ ਹੈ ਉਹ ਕਿਸੇ ਵੀ ਪੱਖੋਂ ਘੱਟ ਨਹੀਂ ਹੈ।

ਗੱਲ ਕਰਨ ਜਾ ਰਹੇ ਹਾਂ ਬੀਬੀ ਚਰਨਜੀਤ ਕੌਰ ਜੰਮੂ ਜੀ ਦੀ ਜਿਨ੍ਹਾਂ ਦਾ ਅੱਜ ਦੇ ਦਿਨ ਭਾਵ ਸੱਤ ਸਤੰਬਰ 2021 ਵਾਲੇ ਦਿਨ ਦੇਹਾਂਤ ਹੋ ਗਿਆ ਸੀ। ਏਸ ਬੀਬੀ ਨੂੰ ਇਕੱਲਿਆਂ ਨਹੀਂ ਸਗੋਂ ਸਾਰੇ ਪਰਿਵਾਰ ਸਮੇਤ ਪੁਲਿਸ ਦੀ ਤਸ਼ਦਦ ਦਾ ਸ਼ਿਕਾਰ ਹੋਣਾ ਪਿਆ।

ਬੀਬੀ ਚਰਨਜੀਤ ਕੌਰ ਦਾ ਜਨਮ ਪੰਜ ਨਵੰਬਰ 1968 ਵਾਲੇ ਦਿਨ ਸੰਭਲ ਕੈਂਪ ਜੰਮੂ ਵਿੱਖੇ ਪਿਤਾ ਸਰਦਾਰ ਗੁਰਬਖਸ਼ ਸਿੰਘ ਅਤੇ ਮਾਤਾ ਬੀਬੀ ਨਾਨਕੀ ਕੌਰ ਗ੍ਰਹਿ ਵਿਖੇ ਹੋਇਆ। ਅਕਾਲ ਪੁਰਖ ਨੇ ਮਾਤਾ ਨਾਨਕੀ ਕੌਰ ਅਤੇ ਸਰਦਾਰ ਗੁਰਬਖਸ਼ ਸਿੰਘ ਨੂੰ ਦੋ ਪੁੱਤਰ ਅਤੇ ਚਾਰ ਧੀਆਂ ਦੀ ਦਾਤ ਬਖਸ਼ਿਸ਼ ਕੀਤੀ। ਪੁੱਤਰਾਂ ਵਿੱਚ ਸਰਦਾਰ ਰਜਿੰਦਰ ਸਿੰਘ ਅਤੇ ਸਰਦਾਰ ਅਮਰਜੀਤ ਸਿੰਘ ਸਨ ਜਦੋਂਕਿ ਧੀਆਂ ਵਿੱਚ, ਬੀਬੀ ਮਨਮੀਤ ਕੌਰ ਉਰਫ ਬੀਬੀ ਮਾਨ ਕੌਰ, ਬੀਬੀ ਰਵਿੰਦਰ ਕੌਰ, ਬੀਬੀ ਹਰਬੰਸ ਕੌਰ ਅਤੇ ਬੀਬੀ ਚਰਨਜੀਤ ਕੌਰ ਜੰਮੂ ਦਾ ਨਾਂ ਸ਼ਾਮਿਲ ਹੈ।

ਬੀਬੀ ਚਰਨਜੀਤ ਕੌਰ ਜੰਮੂ ਨੇ ਦਸਵੀਂ ਦਾ ਇਮਤਿਹਾਨ ਪਾਸ ਕਰਨ ਤੋਂ ਬਾਅਦ ਪ੍ਰੈਪ ਵਿੱਚ ਦਾਖਲਾ ਲਿਆ ਅਤੇ ਬੀਏ ਪਾਸ ਕਰਕੇ ਗ੍ਰੈਜੂਏਸ਼ਨ ਦੀ ਡਿਗਰੀ ਪ੍ਰਾਪਤ ਕੀਤੀ। ਬੀਏ ਦੀ ਡਿਗਰੀ ਹਾਸਲ ਕਰਨ ਤੋਂ ਬਾਅਦ ਬੀ ਐਡ ਦਾ ਕੋਰਸ ਕਰਕੇ ਇੱਕ ਸਕੂਲ ਅਧਿਆਪਕਾ ਵਜੋਂ ਆਪਣੇ ਜੀਵਨ ਦੀ ਸ਼ੁਰੂਆਤ ਕੀਤੀ।

ਇਹ ਦੌਰ ਉਹ ਦੌਰ ਸੀ ਜਿਸ ਨੂੰ ਖਾੜਕੂਵਾਦ ਦਾ ਦੌਰ ਵੀ ਕਿਹਾ ਜਾਂਦਾ ਹੈ ਅਤੇ ਇਸ ਦੌਰ ਨੂੰ ਝੂੱਠੇ ਪੁਲਿਸ ਮੁਕਾਬਲਿਆਂ ਦਾ ਅਤੇ ਪੁਲਿਸ ਤਸ਼ੱਦਦ ਦੇ ਜ਼ੁਲਮਾਂ ਦਾ ਸਮਾਂ ਵੀ ਕਿਹਾ ਜਾਂਦਾ ਹੈ।

ਪੰਜਾਬ ਦੀ ਧਰਤੀ' ਤੇ ਸਿੱਖਾਂ ਵੱਲੋਂ ਲੜੇ ਜਾ ਰਹੇ ਇਸ ਹਕੀ ਸੰਘਰਸ਼ ਦੇ ਵਿਚ ਸਿੱਖਾਂ ਨਾਲ ਹੋ ਰਹੇ ਨਜ਼ਾਇਜ ਜੁਲਮ ਅਤੇ ਤਸ਼ਦਤਾਂ ਦੇ ਸੇਕ ਨੂੰ ਬੀਬੀ ਚਰਨਜੀਤ ਕੌਰ ਨੇ ਵੀ ਮਹਿਸੂਸ ਕੀਤਾ। ਇਕ ਅਧਿਆਪਕ ਹੋਣ ਦੇ ਨਾਤੇ ਰੋਜ ਰੋਜ ਦੀਆਂ ਹੋ ਰਹੀਆਂ ਜੁਲਮੀ ਘਟਨਾਵਾਂ ਦੀਆਂ ਖਬਰਾਂ ਦਾ, ਉਸ ਤੇ ਭਾਵਕ ਮਨ' ਤੇ ਬਹੁਤ ਗਹਿਰਾ ਅਸਰ ਪੈਂਦਾ ਚਲਿਆ ਗਿਆ। ਇੱਕ ਔਰਤ ਵਾਲੇ ਭਾਵੁਕ ਮਨ ਦੇ ਨਾਲ ਉਸ ਦਾ ਪਿਆਰ ਸੰਘਰਸ਼ ਪ੍ਰਤੀ ਉਦੋਂ ਜਾਗਿਆ ਜਦੋਂ ਉਸਨੇ ਸਿੱਖ ਕੌਮ' ਤੇ ਹੋ ਰਹੇ ਜੁਲਮਾਂ ਦਾ ਦਰਦ ਮਹਿਸੂਸ ਕੀਤਾ। ਬੀਬੀ ਦੇ ਪਰਿਵਾਰ ਦਾ, ਤਾਂ ਪਹਿਲਾਂ ਤੋਂ ਹੀ ਸੰਘਰਸ਼ ਦੇ ਨਾਲ ਸੰਬੰਧ ਸੀ ਅਤੇ ਹੁਣ ਉਸਨੇ ਵੀ ਫੈਸਲਾ ਲਿਆ ਕਿ ਉਹ ਵੀ ਆਪਣੇ ਸੰਘਰਸ਼-ਸ਼ੀਲ ਵੀਰਾਂ ਦੇ ਮੋਢੇ ਨਾਲ ਮੋਢਾ ਡਾਅ ਕੇ ਇਸ ਸੰਘਰਸ਼ ਦੇ ਵਿੱਚ ਆਪਣਾ ਯੋਗਦਾਨ ਪਾਵੇਗੀ। ਸੰਘਰਸ਼ ਦੇ ਇਸ ਦੌਰ ਦੇ ਵਿੱਚ, ਸਾਲ 1997 ਦੇ ਦੌਰਾਨ, ਬੀਬੀ ਚਰਨਜੀਤ ਕੌਰ ਨੇ ਇਸ ਸੰਘਰਸ਼ ਵਿੱਚ ਸ਼ਾਮਿਲ ਹੋਣ ਲਈ, ਸੰਘਰਸ਼ ਵਿੱਚ ਜੂਝ ਕੇ ਯੋਗਦਾਨ ਪਾ ਰਹੇ, ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਮੁਖੀ, ਭਾਈ ਰਣਜੀਤ ਸਿੰਘ ਨੀਟਾ ਦੇ ਨਾਲ ਆਨੰਦ ਕਾਰਜ ਕਰਵਾ ਲਿਆ। ਅਨੰਦ ਕਾਰਜ ਤੋਂ ਬਾਅਦ ਆਪਣੇ ਪਤੀ, ਭਾਈ ਰਣਜੀਤ ਸਿੰਘ ਨੀਟਾ ਦੇ ਮੋਢੇ ਨਾਲ ਮੋਢਾ ਡਾਅ ਕੇ ਇਸ ਸੰਘਰਸ਼ ਦੇ ਵਿੱਚ ਖੁੱਲ ਕੇ ਹਿੱਸਾ ਲਿਆ ਅਤੇ ਆਪਣੇ ਜੁਝਾਰੂ ਪਤੀ ਅਤੇ ਜੂਝਾਰੂ ਵੀਰਾਂ ਦਾ ਪੂਰਾ ਸਾਥ ਦਿੱਤਾ। ਸੰਘਰਸ਼ ਦੇ ਦੌਰਾਨ ਆਪਣਾ ਵਡਮੁੱਲਾ ਯੋਗਦਾਨ ਪਾਉਂਦਿਆਂ ਹੋਇਆਂ ਬੀਬੀ ਚਰਨਜੀਤ ਕੌਰ ਨੇ ਵੱਖ-ਵੱਖ ਥਾਵਾਂ' ਤੇ ਆਪਣੀ ਸੰਘਰਸ਼ਮਈ ਜ਼ਿੰਦਗੀ ਦੇ ਸਮੇਂ ਨੂੰ ਗੁਜਾਰਿਆ।


ਬੀਬੀ ਚਰਨਜੀਤ ਕੌਰ ਜੰਮੂ

ਪੰਜਾਬ ਪੁਲਿਸ ਦੀ ਇੱਕ ਰੀਤ ਹੈ ਕਿ ਜਦੋਂ ਕੋਈ ਖਾੜਕੂ ਉਹਨਾਂ ਦੇ ਹੱਥ ਨਹੀਂ ਆਉਂਦਾ ਤਾਂ ਇਹ ਉਸ ਤੇ ਪਰਿਵਾਰ ਵਾਲਿਆਂ ਨੂੰ ਤੰਗ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੰਦੇ ਸਨ, ਇਹੋ ਕਾਰਾ ਇਹਨਾਂ ਨੇ ਬੀਬੀ ਚਰਨਜੀਤ ਕੌਰ ਦੇ ਪਰਿਵਾਰ ਦੇ ਨਾਲ ਵੀ ਕੀਤਾ।

ਬੀਬੀ ਚਰਨਜੀਤ ਕੌਰ ਜੰਮੂ ਦੇ ਭਰਾ ਸਰਦਾਰ ਅਰਜਨ ਸਿੰਘ ਨੂੰ ਪੁਲਿਸ ਨੇ ਗਿਰਫਤਾਰ ਕੀਤਾ ਅਤੇ ਉਸ ਉੱਪਰ ਵੀ ਜੰਮ ਕੇ ਤਸ਼ੱਦਦ ਢਾਇਆ। ਬਾਅਦ ਦੇ ਵਿੱਚ ਜਦੋਂ ਪੁਲਿਸ ਨੇ ਉਸ ਨੂੰ ਰਿਹਾਅ ਕੀਤਾ ਤਾਂ ਉਸ ਦਾ ਜਿਸਮ ਲਗਭਗ ਨਕਾਰਾ ਹੋ ਚੁੱਕਾ ਸੀ ਜਿਸ ਕਾਰਨ ਉਸ ਦੀ ਸ਼ਹਾਦਤ ਹੋ ਗਈ। ਇਸੇ ਤਰ੍ਹਾਂ ਹੀ ਬੀਬੀ ਚਰਨਜੀਤ ਕੌਰ ਦੀ ਮਾਤਾ ਬੀਬੀ ਨਾਨਕੀ ਕੌਰ ਨੂੰ ਵੀ ਪੰਜਾਬ ਪੁਲਿਸ ਜੰਮੂ ਤੋਂ ਜਾ ਕੇ ਗਿਰਫਤਾਰ ਕਰਕੇ ਪੰਜਾਬ ਲਿਆਈ ਅਤੇ ਉਸ ਉਤੇ ਵੀ ਭਾਰੀ ਜੁਲਮ ਅਤੇ ਤਸ਼ੱਦਦ ਦੇ ਦੌਰ ਚਲਾਏ ਗਏ। ਉਸ ਬਜ਼ੁਰਗ ਬੀਬੀ ਉੱਪਰ, ਪੁਲਿਸ ਵੱਲੋਂ ਇਤਨਾ ਭਾਰੀ ਤਸ਼ੱਦਦ ਢਾਇਆ ਗਿਆ ਕਿ ਉਹ ਮੁੜ ਕੇ ਸਰੀਰਕ ਪੱਖੋਂ ਪੂਰੀ ਤਰਾਂ ਦੇ ਨਾਲ ਸਿਹਤਯਾਬ ਨਾ ਹੋ ਸਕੀ।

ਇਸੇ ਤਰ੍ਹਾਂ ਹੀ ਇਸ ਪਰਿਵਾਰ ਦੇ ਵਿੱਚ ਬੀਬੀ ਰਵਿੰਦਰ ਕੌਰ ਨੂੰ ਪੁਲਿਸ ਨੇ ਗਿਰਫਤਾਰ ਕੀਤਾ ਅਤੇ ਕਰੀਬਨ ਚਾਰ ਮਹੀਨੇ ਤੋਂ ਵੀ ਵੱਧ ਸਮਾਂ ਉਸਨੂੰ ਜੇਲ੍ਹ ਵਿੱਚ ਰਹਿਣਾ ਪਿਆ। ਬੀਬੀ ਚਰਨਜੀਤ ਕੌਰ ਦੀ ਇੱਕ ਹੋਰ ਭੈਣ ਬੀਬੀ ਮਨਮੀਤ ਕੌਰ ਸੀ ਜਿਸਦਾ ਨਾਂ ਬੀਬੀ ਮਾਨ ਕੌਰ ਰੱਖਿਆ ਗਿਆ ਸੀ। ਬੀਬੀ ਮਨਮੀਤ ਕੌਰ ਨੇ ਵੀ ਸੰਘਰਸ਼ ਵਿਚ ਵਡਮੁੱਲਾ ਯੋਗਦਾਨ ਪਾਇਆ। ਇਹਨਾਂ ਭੈਣਾਂ ਨੇ ਕਿਸੇ ਵੀ ਡਰ ਅਤੇ ਖੌਫ ਤੋਂ ਰਹਿਤ, ਸਿੱਖ ਕੌਮ ਦੇ ਅਮਰ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਦੇ ਨਾਲ ਪੂਨੇ ਦੀ ਨਰਵਦਾ ਜੇਲ੍ਹ ਵਿੱਚ ਜਿੱਥੇ ਮੁਲਾਕਾਤਾਂ ਕੀਤੀਆਂ ਉੱਥੇ ਸਿੱਖ ਸੰਘਰਸ਼ ਦੇ ਦੌਰਾਨ ਉਹਨਾਂ ਦਾ ਡੱਟ ਕੇ ਸਾਥ ਵੀ ਨਿਭਾਇਆ। ਬੀਬੀ ਚਰਨਜੀਤ ਕੌਰ ਦੀ ਇੱਕ ਹੋਰ ਭੈਣ, ਬੀਬੀ ਅਰਵਿੰਦਰ ਕੌਰ ਦਾ ਆਨੰਦ ਕਾਰਜ ਜੁਝਾਰੂ ਲਹਿਰ ਦੇ ਯੋਧੇ ਭਾਈ ਨਿਰਮਲ ਸਿੰਘ ਨਿਮਾਣਾ ਨਾਲ ਹੋਇਆ ਸੀ।

ਬੀਬੀ ਚਰਨਜੀਤ ਕੌਰ, ਆਪਣੇ ਜੁਝਾਰੂ ਪਤੀ, ਭਾਈ ਰਣਜੀਤ ਸਿੰਘ ਨੀਟਾ ਦੇ ਮੋਢੇ ਨਾਲ ਮੋਢਾ ਡਾਅ ਕੇ ਬਿਖੜੇ ਪੈਂਡੇ ਦਾ ਸਫਰ ਤੈਅ ਕਰਦਿਆਂ ਹੋਇਆਂ ਇੱਕ ਵਾਰ, ਕਨੇਡਾ ਪੁੱਜਣ ਵਿੱਚ ਸਫਲ ਹੋ ਗਈ। ਇਥੇ ਪੁੱਜ ਕੇ ਭਾਵੇਂ ਉਸਨੇ ਸਿਆਸੀ ਪਨਾਹ ਦੀ ਦਰਖਾਸਤ ਤਾਂ ਦਿੱਤੀ ਪਰ ਉਹ ਸਫਲ ਨਾ ਹੋ ਸਕੀ। ਭਾਈ ਰਣਜੀਤ ਸਿੰਘ ਨੀਟਾ ਦੀਆਂ ਖਾੜਕੂ ਗਤੀਵਿਧੀਆਂ ਨੂੰ ਵੇਖਦਿਆ ਹੋਇਆ ਅਤੇ ਉਸ ਦੀ ਪੰਜਾਬ ਪੁਲਿਸ ਅਤੇ ਭਾਰਤ ਸਰਕਾਰ ਦੇ ਵਿੱਚ ਪੈ ਚੁੱਕੀ ਦਹਿਸ਼ਤ ਨੂੰ ਵੇਖਿਆ ਹੋਇਆਂ, ਸਿੱਖ ਸੰਘਰਸ਼ ਵਿੱਚ ਉਸ ਦੀਆਂ ਚਲਾਈਆਂ ਜਾ ਰਹੀਆਂ ਸਰਗਰਮੀਆਂ ਨੂੰ ਰੋਕਣ ਵਾਸਤੇ ਕੈਨੇਡਾ ਸਰਕਾਰ ਨੇ ਬੀਬੀ ਚਰਨਜੀਤ ਕੌਰ ਨੂੰ ਅੱਠ ਸਾਲਾਂ ਦੇ ਵਿੱਚ ਕੋਈ ਵੀ ਸਟੇਟ ਨਾ ਦਿੱਤਾ। ਉਸਦਾ ਕੇਸ ਇਥੋਂ ਤੱਕ ਲਟਕਾ ਦਿੱਤਾ ਗਿਆ ਕਿ ਨੌਬਤ ਕਨੇਡਾ ਛੱਡ ਜਾਣ ਤੱਕ ਦੀ ਆ ਗਈ।

ਸੋ ਅੱਠ ਸਾਲ ਬਾਅਦ, ਸਾਲ 2008 ਦੇ ਦੌਰਾਨ ਬੀਬੀ ਚਰਨਜੀਤ ਕੌਰ ਵਾਪਸ ਪਕਿਸਤਾਨ ਪਰਤ ਆਈ, ਕਿਉਂਕਿ ਕਾਨੂੰਨ ਦੇ ਮੁਤਾਬਕ ਸਰਕਾਰਾਂ ਉਸੇ ਹੀ ਦੇਸ਼ ਦੇ ਵਿੱਚ ਕਿਸੇ ਨੂੰ ਡਿਪੋਰਟ ਕਰਦੀਆਂ ਹਨ ਜਿਸ ਦੇਸ਼ ਦੇ ਵਿੱਚੋਂ ਉਹ ਚੱਲਿਆ ਹੋਵੇ। ਇਥੇ ਪੁੱਜ ਕੇ ਉਸ ਨੇ ਇੱਕ ਵਾਰੀ ਫੇਰ ਤੋਂ ਭਾਈ ਰਣਜੀਤ ਸਿੰਘ ਨੀਟਾ ਦਾ ਡੱਟ ਕੇ ਸਾਥ ਦੇਂਦਿਆਂ ਹੋਇਆਂ ਸੰਘਰਸ਼ ਦੇ ਵਿੱਚ ਉਸੇ ਤਰੀਕੇ ਦੇ ਨਾਲ ਆਪਣਾ ਹਿੱਸਾ ਪਾਣਾ ਜਾਰੀ ਰੱਖਿਆ। ਸਿੱਖ ਸੰਘਰਸ਼ ਨੂੰ ਅਤੇ ਸਿੱਖ ਧਰਮ ਨੂੰ ਪ੍ਰਚਾਰਨ ਵਾਸਤੇ ਬੀਬੀ ਚਰਨਜੀਤ ਕੌਰ ਨੇ ਸੋਸ਼ਲ ਮੀਡੀਆ ਦਾ ਸਹਾਰਾ ਲਿਆ ਅਤੇ ਦਿਨ ਰਾਤ ਇੱਕ ਕਰਕੇ ਸਿੱਖੀ ਦਾ, ਸਿੱਖ ਸੰਘਰਸ਼ ਦਾ ਪ੍ਰਚਾਰ ਕੀਤਾ ਅਤੇ ਸਿੱਖਾਂ' ਤੇ ਹੋਰ ਜੁਲਮ ਦੇ ਖਿਲਾਫ ਡਟਵੀਂ ਆਵਾਜ਼ ਬੁਲੰਦ ਕੀਤੀ।

ਸਾਲ 2019 ਦਾ ਵਰ੍ਹਾ ਆਣ ਚੜਿਆ ਜਦੋਂ ਪੂਰੀ ਦੁਨੀਆਂ ਦੇ ਵਿੱਚ, ਕੋਵਿਡ 19 ਨਾਂ ਦੀ ਨਾਮੁਰਾਦ ਮਹਾਂਮਾਰੀ ਨੇ ਆਪਣੇ ਪੈਰ ਫਲਾਉਂਦਿਆਂ ਹੋਇਆਂ ਸਾਰੀ ਦੁਨੀਆਂ ਨੂੰ ਆਪਣੇ ਲਪੇਟੇ ਵਿੱਚ ਲੈ ਲਿਆ। ਸਤੰਬਰ 2021 ਦੇ ਸ਼ੁਰੂ ਵਿੱਚ ਬੀਬੀ ਚਰਨਜੀਤ ਕੌਰ ਨੂੰ ਇਸ ਨਾਮੁਰਾਦ ਬਿਮਾਰੀ ਨੇ ਆਪਣੇ ਘੇਰਾ ਪਾ ਲੈ ਲਿਆ। 3 ਅਤੇ 4 ਸਤੰਬਰ 2021 ਦੇ ਦਿਨਾਂ ਦੇ ਦੌਰਾਨ ਪਤਾ ਲੱਗਾ ਕਿ ਬੀਬੀ ਨੂੰ ਕਰੋਨਾ ਹੋ ਗਿਆ ਅਤੇ ਜਦੋਂ ਉਹਨਾਂ ਨੂੰ ਹਸਪਤਾਲ ਲੈ ਜਾਂਦਾ ਗਿਆ ਤਾਂ ਉਥੇ ਉਹਨਾਂ ਨੂੰ ਪਹਿਲਾਂ ਅਚਾਨਕ ਦਿਲ ਦਾ ਦੌਰਾ ਪਿਆ ਅਤੇ ਢਾਈ ਕੁ ਘੰਟੇ ਬਾਅਦ ਫਿਰ ਦੁਬਾਰਾ ਇੱਕ ਹੋਰ ਦਿਲ ਦਾ ਦੌਰਾ ਪਿਆ ਜੋ ਜਾਨ ਲੇਵਾ ਸਾਬਤ ਹੋਇਆ। ਇੰਜ ਇਹ ਕਰੋਨਾ, ਬੀਬੀ ਚਰਨਜੀਤ ਕੌਰ ਦੀ ਮੌਤ ਦਾ ਕਾਰਨ ਬਣ ਗਿਆ। ਸੋ 7 ਸਤੰਬਰ 2021 ਵਾਲੇ ਦਿਨ ਸਿੱਖ ਸੰਘਰਸ਼ ਦੀ ਜੁਝਾਰੂ ਬੀਬੀ ਚਰਨਜੀਤ ਕੌਰ ਜਿਸ ਨੇ ਆਪਣੇ ਸੁਨਹਿਰੀ ਭਵਿੱਖ ਨੂੰ ਦਾਅ ਤੇ ਲੱਗਾ ਦਿੱਤਾ ਅਤੇ ਇਸ ਸੁਨਹਿਰੀ ਭਵਿੱਖ ਦੀ ਪਰਵਾਹ ਨਾ ਕਰਦਿਆਂ ਹੋਇਆਂ ਬਿਖੜਾ ਪੈਂਡਾ ਅਪਣਾਇਆ। ਫੁੱਲਾਂ ਦੀ ਸੇਜ ਛੱਡ ਕੇ ਕੰਡਿਆਂ ਦਾ ਵਿਛਾਉਣਾ ਕੀਤਾ, ਉਹ ਬੀਬੀ ਚਰਨਜੀਤ ਕੌਰ, 7 ਸਤੰਬਰ 2021 ਵਾਲੇ ਦਿਨ ਆਕਾਰ ਚਲਾਣਾ ਕਰ ਗਈ।

(ਸਤਿਕਾਰਯੋਗ ਸਿਰਦਾਰ ਲਵਸ਼ਿੰਦਰ ਸਿੰਘ ਡਲੇਵਾਲ ਹੁਣਾਂ ਦੇ ਸਹਿਯੋਗ ਅਤੇ ਧੰਨਵਾਦ ਸਹਿਤ ਮਿਲੀ ਜਾਣਕਾਰੀ ਉੱਪਰ ਅਧਾਰਿਤ) ਭੁੱਲਾਂ ਦੀ ਖਿਮਾ:

**-ਗੁਰਦੀਪ ਸਿੰਘ ਜਗਬੀਰ (ਡਾ.)**


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America - +1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ਿ ਕੌਮ
AWAZE QAUM
International Newspaper & WEB TV

### ਕੈਨੇਡਾ ਸਰਕਾਰ ਦੀ ਵਿੱਤੀ ਰਿਪੋਰਟ ਨੇ

# ਭਾਰਤ ਦੀਆਂ ਸੁਰੱਖਿਆ ਚਿੰਤਾਵਾਂ ਦੀ ਪੁਸ਼ਟੀ ਕੀਤੀ : ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕੈਨੇਡਾ ਦੇ ਵਿੱਤ ਵਿਭਾਗ ਵੱਲੋਂ ਜਾਰੀ ਕੀਤੀ ਤਾਜ਼ਾ ਰਿਪੋਰਟ ’ਤੇ ਗੰਭੀਰ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਇਹ ਰਿਪੋਰਟ ਭਾਰਤ ਦੀਆਂ ਸੁਰੱਖਿਆ ਚਿੰਤਾਵਾਂ ਨੂੰ ਪੂਰੀ ਤਰ੍ਹਾਂ ਸਹੀ

## ਵਿਚਾਰ ਆਪੋ-ਆਪਣਾ



ਸਾਬਤ ਕਰਦੀ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਮਾਮਲਾ ਸਿਰਫ਼ ਭਾਰਤ ਦੀ ਚਿੰਤਾ ਨਹੀਂ ਰਿਹਾ, ਸਗੋਂ ਪੂਰੇ ਵਿਸ਼ਵ ਲਈ ਇੱਕ ਖ਼ੁੱਲ੍ਹੀ ਚੇਤਾਵਨੀ ਹੈ ਕਿ ਲੋਕਤੰਤਰ ਦੇ ਨਾਂ ’ਤੇ ਹਿੰਸਕ ਤੇ ਵੱਖਵਾਦੀ ਤੱਤਾਂ ਨੂੰ ਆਪਣੀ ਧਰਤੀ ’ਤੇ ਫੈਲਣ ਦੇਣਾ ਕਿੰਨਾ ਖ਼ਤਰਨਾਕ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਕੈਨੇਡਾ ਦੀ 2025 ਦੀ “ਮਨੀ ਲਾਂਡਰਿੰਗ ਅਤੇ ਅਤਿਵਾਦੀ ਫੰਡਿੰਗ ਰਿਪੋਰਟ” ਵਿੱਚ ਕੁਝ ਲੋਕਾਂ ਦੀਆਂ ਸਾਜ਼ਿਸ਼ਾਂ ਕਾਰਨ ਸਿੱਖ ਨਾਵਾਂ ਵਾਲੇ ਵੱਖਵਾਦੀ ਜਥੇਬੰਦੀਆਂ ਦਾ ਕੈਨੇਡੀਅਨ ਕ੍ਰਿਮੀਨਲ ਕੋਡ ਦੇ ਤਹਿਤ ਹਮਾਸ ਅਤੇ ਹਿਜ਼ਬੁੱਲਾ ਵਰਗੇ ਬਦਨਾਮ ਅਤਿਵਾਦੀ ਗਰੁੱਪਾਂ ਦੀ ਸ਼੍ਰੇਣੀ ਵਿਚ ਅਤਿਵਾਦੀ ਸੰਗਠਨਾਂ ਵਜੋਂ ਨਾਮਜ਼ਦ ਹੋਣਾ ਅਮਨਪਸੰਦ ਪ੍ਰਵਾਸੀ ਸਿਖ ਭਾਈਚਾਰੇ ਲਈ ਨਮੋਸ਼ੀ ਦਾ ਸਬੱਬ ਬਣਨਾ ਅਫ਼ਸੋਸਨਾਕ ਹੈ।

**ਕੈਨੇਡਾ ਹੁਣ ਸਿਰਫ਼ ਰਿਪੋਰਟਾਂ ਜਾਰੀ ਕਰਨ ਤੱਕ ਸੀਮਿਤ ਨਾ ਰਹੇ, ਸਗੋਂ ਭਾਰਤ ਵਿਰੋਧੀ ਹਿੰਸਕ ਗਤੀਵਿਧੀਆਂ ਖ਼ਿਲਾਫ਼ ਤੁਰੰਤ ਤੇ ਨਿਰਨਾਇਕ ਕਾਰਵਾਈ ਕਰੇ**

ਪ੍ਰੋ. ਖਿਆਲਾ ਨੇ ਦੱਸਿਆ ਕਿ ਕੈਨੇਡਾ ਦੀ ਆਪਣੀ ਖ਼ੁਫ਼ੀਆ ਏਜੰਸੀ CSIS ਪਹਿਲਾਂ ਹੀ ਮੰਨ ਚੁੱਕੀ ਹੈ ਕਿ ਖਾਲਿਸਤਾਨੀ ਗਰੁੱਪ ਕੈਨੇਡਾ ਦੀ ਧਰਤੀ ਤੋਂ ਭਾਰਤ ਵਿਰੁੱਧ ਫੰਡਿੰਗ ਅਤੇ ਸਾਜ਼ਿਸ਼ਾਂ ਨੂੰ ਪੋਸ਼ ਰਹੇ ਹਨ। ਹੁਣ ਵਿੱਤੀ ਰਿਪੋਰਟ ਨੇ ਵੀ ਇਹ ਖ਼ੁਲਾਸਾ ਕਰਕੇ ਇਕ ਵਾਰ ਫਿਰ ਭਾਰਤ ਦੀਆਂ ਸਾਰੀਆਂ ਚਿਤਾਵਨੀਆਂ ਸਹੀ ਸਾਬਤ ਕਰ ਦਿੱਤੀਆਂ ਹਨ। ਰਿਪੋਰਟ ਦਾ ਇਹ ਖ਼ੁਲਾਸਾ ਕਿ ਹਿੰਸਾਵਾਦੀ ਗਰੁੱਪਾਂ ਦੁਆਰਾ ਗੈਰ-ਲਾਭਕਾਰੀ ਅਤੇ ਚੈਰੀਟੇਬਲ ਸੰਸਥਾਵਾਂ ਦੀ ਆੜ ਲੈ ਕੇ “ਰਾਜਨੀਤਿਕ ਪ੍ਰੇਰਿਤ ਹਿੰਸਕ ਵੱਖਵਾਦ” ਲਈ ਪੈਸਾ ਇਕੱਠਾ ਕਰਨਾ, ਪਰਵਾਸੀ ਭਾਈਚਾਰਿਆਂ ਤੋਂ ਦਾਨ ਲੈਣਾ ਅਤੇ ਕੈਨੇਡੀਅਨ ਵਿੱਤੀ ਪ੍ਰਣਾਲੀ ਦੀਆਂ ਕਮਜ਼ੋਰੀਆਂ ਦਾ ਨਾਜਾਇਜ਼ ਫ਼ਾਇਦਾ ਚੁੱਕਣਾ ਇਹ ਸਾਬਤ ਕਰਦਾ ਹੈ ਕਿ ਕੈਨੇਡਾ ਨਾ ਸਿਰਫ਼ ਆਪਣੀਆਂ ਜ਼ਿੰਮੇਵਾਰੀਆਂ ਵਿੱਚ ਨਾਕਾਮ ਹੋਇਆ ਹੈ, ਸਗੋਂ ਉਹਨਾਂ ਤਾਕਤਾਂ ਦਾ ਅੱਡਾ ਬਣ ਗਿਆ ਹੈ ਜੋ ਭਾਰਤ ਦੀ ਏਕਤਾ ਤੇ ਅਖੰਡਤਾ ਨੂੰ ਨਿਸ਼ਾਨਾ ਬਣਾ ਰਹੀਆਂ ਹਨ। ਇਹ ਸਥਿਤੀ ਕੈਨੇਡਾ ਦੀ ਆਪਣੀ ਅੰਦਰੂਨੀ ਸੁਰੱਖਿਆ ਲਈ ਵੀ ਵੱਡਾ ਖ਼ਤਰਾ ਹੈ।

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਕੈਨੇਡਾ ਸਿਰਫ਼ ਰਿਪੋਰਟਾਂ ਜਾਰੀ ਕਰਨ ਦੀ ਰਸਮ ਅਦਾ ਨਾ ਕਰੇ, ਸਗੋਂ ਭਾਰਤ ਵਿਰੋਧੀ ਖਾਲਿਸਤਾਨੀ ਤੇ ਹੋਰ ਹਿੰਸਕ ਜਥੇਬੰਦੀਆਂ ਦੇ ਖ਼ਿਲਾਫ਼ ਤੁਰੰਤ ਤੇ ਸਖ਼ਤ ਕਾਰਵਾਈ ਕਰੇ। ਲੋਕਤੰਤਰ ਅਤੇ ਮਨੁੱਖੀ ਕਦਰਾਂ ਕੀਮਤਾਂ ਦੀ ਰੱਖਿਆ ਲਈ ਇਹ ਕਾਰਵਾਈ ਅਤਿ ਜ਼ਰੂਰੀ ਹੈ। ਜੇਕਰ ਕੈਨੇਡਾ ਵਾਸਤਵ ਵਿੱਚ ਵਿਸ਼ਵ ਸ਼ਾਂਤੀ ਲਈ ਸੰਕਲਪਿਤ ਹੈ, ਤਾਂ ਉਸ ਨੂੰ ਆਪਣੀ ਧਰਤੀ ਤੋਂ ਵੱਖਵਾਦੀ ਨੈੱਟਵਰਕਾਂ ਨੂੰ ਖ਼ਤਮ ਕਰਨਾ ਹੀ ਹੋਵੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਇੱਕ ਪਾਸੇ ਭਾਰਤ ਨਾਲ ਕੂਟਨੀਤਕ ਸੰਬੰਧਾਂ ਦੀ ਗੱਲ ਤੇ ਦੂਜੇ ਪਾਸੇ ਖਾਲਿਸਤਾਨੀ ਗਰੁੱਪਾਂ ਨੂੰ ਆਸਰਾ ਦੇਣਾ ਕੈਨੇਡਾ ਦੀ ਡਬਲ ਸਟੈਂਡ ਨੀਤੀ ਹੈ, ਜੋ ਹੁਣ ਵਿਸ਼ਵ ਭਾਈਚਾਰੇ ਨੂੰ ਵੀ ਸਪਸ਼ਟ ਦਿਖਾਈ ਦੇ ਰਹੀ ਹੈ।

ਉਨ੍ਹਾਂ ਭਾਰਤ ਸਰਕਾਰ ਦੇ ਰੁਖ਼ ਦੀ ਤਾਰੀਫ਼ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਿਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਭਾਰਤ ਰਾਸ਼ਟਰਵਾਦੀ ਸੰਕਲਪ ’ਤੇ ਦ੍ਰਿੜ੍ਹਤਾ ਨਾਲ ਖੜ੍ਹਾ ਹੈ। ਭਾਰਤ ਦੀ ਏਕਤਾ, ਅਖੰਡਤਾ ਅਤੇ ਸੰਪ੍ਰਭੂਤਾ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ। ਖਾਲਿਸਤਾਨੀ ਹੋਵੇ ਜਾਂ ਕਿਸੇ ਹੋਰ ਰੂਪ ਦਾ ਭਾਰਤ ਵਿਰੋਧੀ, ਭਾਰਤ ਕੋਲ ਉਸ ਨੂੰ ਹਰ ਪੱਧਰ ’ਤੇ ਮੂੰਹ-ਤੋੜ ਜਵਾਬ ਦੇਣ ਦੀ ਸਮਰੱਥਾ ਹੈ।

ਉਨ੍ਹਾਂ ਸਵਾਲ ਕੀਤਾ ਕਿ ਕੀ ਕੈਨੇਡਾ ਸਰਕਾਰ ਆਪਣੀ ਵੋਟ-ਬੈਂਕ ਰਾਜਨੀਤੀ ਦੀ ਖ਼ਾਤਰ ਖਾਲਿਸਤਾਨੀ ਏਜੰਡੇ ਨੂੰ ਬੇਰੋਕ-ਟੋਕ ਖੁੱਲ੍ਹੀ ਛੂਟ ਦਿੰਦੀ ਰਹੇਗੀ? ਕੀ ਕੈਨੇਡਾ ਵਿਸ਼ਵ ਸ਼ਾਂਤੀ ਨਾਲ ਖਿਲਵਾੜ ਕਰਕੇ ਭਾਰਤ ਵਿਰੋਧੀ ਤਾਕਤਾਂ ਦਾ ਸੁਰੱਖਿਅਤ ਕੈਂਪ ਬਣਿਆ ਰਹੇਗਾ?

ਪ੍ਰੋ. ਖਿਆਲਾ ਨੇ ਕਿਹਾ ਕਿ 2023 ਵਿੱਚ ਤਤਕਾਲੀਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਭਾਰਤ ’ਤੇ ਲਗਾਏ ਗਏ ਬੇਬੁਨਿਆਦ ਦੋਸ਼ਾਂ ਨੇ ਦੋਵੇਂ ਦੇਸ਼ਾਂ ਦੇ ਰਿਸ਼ਤਿਆਂ ਵਿੱਚ ਤਣਾਅ ਪੈਦਾ ਕੀਤਾ ਸੀ। ਹਾਲਾਂਕਿ ਨਵੇਂ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੀ ਅਗਵਾਈ ਹੇਠ ਸੰਬੰਧ ਕੁਝ ਸੁਧਰੇ ਹਨ, ਪਰ ਖਾਲਿਸਤਾਨੀ ਗਤੀਵਿਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਉਮੀਦ ਅਜੇ ਵੀ ਅਧੂਰੀ ਹੈ।

ਪ੍ਰੋ. ਖਿਆਲਾ ਨੇ ਚੇਤਾਵਨੀ ਦਿੱਤੀ ਕਿ ਹੁਣ ਚੋਣ ਕੈਨੇਡਾ ਦੇ ਹੱਥ ਹੈ ਕਿ ਕੀ ਉਹ ਲੋਕਤੰਤਰਿਕ ਮੁੱਲਾਂ ਦੀ ਰੱਖਿਆ ਕਰੇਗਾ ਜਾਂ ਆਪਣੀਆਂ ਅੰਦਰੂਨੀ ਰਾਜਨੀਤਕ ਲਾਭਾਂ ਲਈ ਪਾਕਿਸਤਾਨ ਵੱਲੋਂ ਸੰਚਾਲਿਤਖਾਲਿਸਤਾਨੀਆਂ ਨੂੰ ਪਨਾਹ ਦਿੰਦਾ ਰਹੇਗਾ? ਭਾਰਤ ਆਪਣੀ ਧਰਤੀ ’ਤੇ ਹੀ ਨਹੀਂ, ਬਲਕਿ ਹਰ ਅੰਤਰਰਾਸ਼ਟਰੀ ਮੰਚ ’ਤੇ ਵੀ ਇਹਨਾਂ ਤਾਕਤਾਂ ਨੂੰ ਬੇਨਕਾਬ ਕਰਦਾ ਰਹੇਗਾ।

### ਹੜ੍ਹਾਂ ਕਰਕੇ ਹੋਏ ਖਰਾਬੇ ਦੇ ਸਤਾਏ

# ਕਿਸਾਨ ਦੀ ਦਿਲ ਦਾ ਦੌਰਾ ਪੈਣ ਕਾਰਣ ਹੋਈ ਮੌਤ



ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :— ਹੜਾਂ ਦੀ ਮਾਰ ਝੇਲਦੇ ਨੇ ਗਵਾਈ ਜਾਨ, ਪਿੰਡ ਕਾਮਲ ਵਾਲਾ 324 ਉਰਫ ਮੁਠਿਆਂ ਵਾਲਾ ਦੇ ਬਲਵਿੰਦਰ ਸਿੰਘ ਪੁੱਤਰ ਗੋਪਾਲ ਸਿੰਘ, ਜਿਸ ਦੀ ਜਮੀਨ 2023 ਨੂੰ ਹਾੜਾਂ ਦੀ ਮਾਰ ਨੇ ਉੱਠਣ ਨਹੀਂ ਦਿੱਤਾ ਸੀ ਤੇ ਹੁਣ 2025 ਦੇ ਹੜ ਨੇ ਫਿਰ ਜਮੀਨ ਨੂੰ ਰੋੜ ਕੇ ਲੈ ਗਿਆ ਇੱਥੇ ਦੱਸਣਯੋਗ ਬਣਦਾ ਹੈ ਕਿ ਬਲਵਿੰਦਰ ਸਿੰਘ ਪੁੱਤਰ ਗੋਪਾਲ ਸਿੰਘ ਜੋ ਆਪਣੇ ਪਿੱਛੇ ਦੋ ਕੁੜੀਆਂ ਅਤੇ ਇੱਕ ਬੇਟਾ ਛੱਡ ਗਏ ਹਨ ਤਿੰਨ ਕਿਲੇ ਜਮੀਨ ਦੇ ਨਾਲ ਗੁਜ਼ਰ ਬਸਰ ਕਰਦਾ ਸੀ ਜਿਸ ਦੀ ਜਮੀਨ 2023 ਵਿੱਚ ਹੜ ਦੇ ਪਾਣੀ ਨੇ ਸਾਰੀ ਜਮੀਨ ਬਰਬਾਦ ਕਰ ਦਿੱਤੀ ਸੀ ਜੋ ਕਿ ਬਾਬਾ ਸਭਰਾਵਾਂ ਵਾਲਿਆਂ ਨੇ ਕਾਫੀ ਲੋਕਾਂ ਦੀ ਮਦਦ ਨਾਲ ਜਮੀਨ ਪੱਧਰ ਕਰਾਕੇ ਉਸ ਦੀ ਜਮੀਨ ਵਾਹੀ ਯੋਗ ਬਣਵਾ ਦਿੱਤੀ ਸੀ ਅਤੇ ਹੁਣ ਫਿਰ 2025 ਵਿੱਚ ਆਏ ਹੜਾਂ ਦੇ ਪਾਣੀ ਨੇ ਫਿਰ ਜਮੀਨ ਨੂੰ ਤੈਸ ਨੈਸ ਕਰ ਦਿੱਤਾ ਜਿਸ ਨੂੰ ਨਾ ਸਾਰਦੇ ਹੋਏ ਉਸ ਨੂੰ ਦਿਲ ਦਾ ਦੌਰਾ ਪੈਣ ਤੇ ਉਸ ਦੀ ਮੌਤ ਹੋ ਗਈ। ਇਸ ਮੌਕੇ ਗੱਲਬਾਤ ਕਰਦਿਆਂ ਪਿੰਡ ਵਾਸੀਆਂ ਨੇ ਸਰਕਾਰ ਨੂੰ ਬੇਨਤੀ ਕੀਤੀ ਕਿ ਬਣਦਾ ਮੁਆਵਜਾ, ਕਰਜਾ ਮੁਕਤ ਅਤੇ ਬੱਚਿਆਂ ਨੂੰ ਨੌਕਰੀਆਂ ਦਿੱਤੀਆਂ ਜਾਣ ਤਾਂ ਜੋ ਬੱਚੇ ਆਪਣੇ ਪੈਰਾਂ ਤੇ ਖਲੋ ਸਕਣ। ਇਲਾਕਾ ਨਿਵਾਸੀਆਂ ਨੇ ਐਨ.ਜੀ.ਓ ਤੇ ਐਨ.ਆਰ.ਆਈ ਭਰਾਵਾਂ ਨੂੰ ਬੇਨਤੀ ਕੀਤੀ ਕਿ ਗਰੀਬ ਪਰਿਵਾਰ ਦੀਆਂ ਲੜਕੀਆਂ ਦੇ ਵਿਆਹ ਤੇ ਵੱਧ ਚੜ ਕੇ ਬੱਚਿਆਂ ਦੀ ਮਦਦ ਕੀਤੀ ਜਾਵੇ।

# ਗਰੀਬ ਦੀ ਛੱਤ ਪੁਆਉਣ ਦਾ ਸ਼ੁਰੂ ਕੀਤਾ ਕਾਰਜ





ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :— ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਵੱਲੋਂ ਇਕ ਗਰੀਬ ਪਰਿਵਾਰ ਦੀ ਬਾਂਹ ਫੜਦਿਆਂ ਬਾਰਿਸ਼ ਕਰਕੇ ਉਸ ਦੇ ਘਰ ਦੀ ਡਿੱਗੀ ਛੱਤ ਬਨਾਉਣ ਦਾ ਕਾਰਜ ਕਰਵਾਇਆ ਸ਼ੁਰੂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਆਗੂ ਅਮਰੀਕ ਸਿੰਘ ਗੋਰਾ ਨੇ ਦੱਸਿਆ ਕਿ ਅੱਜ ਲੋੜਵੰਦ ਪਰਿਵਾਰ ਜਿਨ੍ਹਾਂ ਦੀ ਛੱਤ ਡਿੱਗ ਪਈ ਸੀ ਉਨ੍ਹਾਂ ਦੀ ਛੱਤ ਬਣਾਉਣ ਦਾ ਕੰਮ ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਤਹਿਤ ਭਾਈ ਮਲਕੀਤ ਸਿੰਘ ਗ੍ਰੰਥੀ ਸਿੰਘ ਗੁਰਦੁਆਰਾ ਸਾਹਿਬ ਝੋਕ ਹਰੀਹਰ ਵੱਲੋਂ ਉਸ ਅਕਾਲ ਪੁਰਖ ਵਾਹਿਗੁਰੂ ਅੱਗੇ ਅਰਦਾਸ ਕਰਕੇ ਸ਼ੁਰੂ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਛੱਤ ਦੇ ਥੱਲੇ ਔਰਤ ਆਪਣੇ ਪਰਿਵਾਰ ਲਈ ਭੋਜਨ ਤਿਆਰ ਕਰ ਰਹੀ ਸੀ ਜਿਸ ਦਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ, ਪ੍ਰੰਤੂ ਸਰੀਰਕ ਚੋਟਾਂ ਇਸ ਬੀਬੀ ਨੂੰ ਲੱਗੀਆਂ। ਉਨ੍ਹਾਂ ਦੱਸਿਆ ਕਿ ਇਹ ਗਰੀਬ ਕੁਲਦੀਪ ਸਿੰਘ ਵਾਸੀ ਝੋਕ ਹਰੀਹਰ ਦੇ ਪਰਿਵਾਰ ਦੀ ਛੱਤ ਗੁਰੂ ਨਾਨਕ ਦਾ ਦਰ ਸੋਹਣਾ ਮਿਸ਼ਨ ਗੁਰਦੁਆਰਾ ਸ੍ਰੀ ਨਾਨਕ ਦੇਵ ਜੀ ਗਲੀ ਨੰਬਰ 10 ਫ਼ਿਰੋਜ਼ਪੁਰ ਕੈਂਟ ਤਹਿਤ ਆਪ ਸਭ ਦੇ ਸਹਿਯੋਗ ਨਾਲ ਨਵੀਂ ਪੁਆਈ ਜਾਵੇਗੀ। ਇਸ ਮੌਕੇ ਜ਼ੋਗਿੰਦਰ ਸਿੰਘ, ਵਿਸ਼ਾਲ ਕੁਮਾਰ, ਮਹਿੰਦਰ ਸਿੰਘ, ਸੁਖਦੇਵ, ਕੁਲਦੀਪ ਸਿੰਘ ਅਤੇ ਉਸਦਾ ਪਰਿਵਾਰ ਹਾਜ਼ਰ ਸੀ।

# ਜੰਡਿਆਲਾ ਗੁਰੂ ਅੰਮ੍ਰਿਤਸਰ ਤੇ ਹਾਈਏ ਦੇਵੀਦਾਸਪੁਰ ਕਾਰ ਤੇ ਮੋਟਰਸਾਇਕਲ ਦਾ ਹੋਇਆ ਐਕਸੀਡੈਂਟ



**ਚੌਕ ਮਹਿਤਾ,7 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜੰਡਿਆਲਾ ਅੰਮ੍ਰਿਤਸਰ ਹਾਈਵੇ ਤੇ ਦੇਵੀਦਾਸਪੁਰਾ ਮੋੜ ਤੇ ਕਾਰ ਤੇ ਮੋਟਰਸਾਈਕਲ ਦਾ ਐਕਸੀਡੈਂਟ ਹੋ ਗਿਆ ਤੇ ਮੋਟਰਸਾਈਕਲ ਤੇ ਸਵਾਰ ਮੇਜਰ ਸਿੰਘ ਅਕਾਲੀ ਦੇ ਸੱਟਾਂ ਲੱਗੀਆਂ ਤੇ ਮੌਕੇ ਤੇ ਮਾਨਾਵਾਲੇ ਹਸਪਤਾਲ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦਾਖਲ ਕਰਵਾ ਦਿੱਤਾ। ਅੰਮ੍ਰਿਤਸਰ ਜੰਡਿਆਲਾ ਹਾਈਵੇ ਤੇ ਪਿੰਡ ਦੇਵੀਦਾਸਪੁਰਾ ਨੂੰ ਜਾਣ ਵਾਲੇ ਮੋੜ ਤੇ ਕਾਰ ਤੇ ਮੋਟਰਸਾਈਕਲ ਦੀ ਆਪਸੀ ਟੱਕਰ ਕਾਰਨ ਮੋਟਰਸਾਈਕਲ ਤੇ ਸਵਾਰ ਮੇਜਰ ਸਿੰਘ ਅਕਾਲੀ ਦੇ ਕਾਫੀ ਗੰਭੀਰ ਸੱਟਾਂ ਲੱਗ ਗਈਆਂ ਤੇ ਜਿਸ ਨੂੰ ਮੌਕੇ ਤੇ ਪਹੁੰਚੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਹਸਪਤਾਲ ਮਾਨਾਵਾਲਾ ਵਿੱਚ ਦਾਖਲ ਕਰਵਾ ਦਿੱਤਾ ਤੇ ਉਹਨਾਂ ਦੱਸਿਆ ਕਿ ਜੇਕਰ ਅਜਿਹੀ ਘਟਨਾ ਕਿਤੇ ਵੀ ਰੋਡ ਤੇ ਹੋਵੇ ਤੇ ਤੁਰੰਤ ਮਰੀਜ਼ ਨੂੰ ਲੱਦ ਕੇ ਹਸਪਤਾਲ ਦਾਖਲ ਕਰਵਾ ਦਿਓ ਤੇ ਦਾਖਲ ਕਰਵਾਉਣ ਵਾਲੇ ਨੂੰ ਸਰਕਾਰ ਵੱਲੋਂ ਸਨਮਾਨ ਕੀਤਾ ਜਾਂਦਾ ਹੈ ਤੇ ਕੋਈ ਵੀ ਕਾਰਵਾਈ ਨਹੀਂ ਹੁੰਦੀ ਤੇ ਇਹੀ ਸੱਚੀ ਸੇਵਾ ਹੈ ਜੇਕਰ ਅਸੀਂ ਕਿਸੇ ਦੇ ਪਰਿਵਾਰ ਦੇ ਜੀ ਦੀ ਜਾਨ ਬਚਾ ਦਿੰਦੇ ਹਾਂ ਤੇ ਉਹ ਸਦਾ ਸਾਨੂੰ ਅਸੀਸਾਂ ਦਿੰਦਾ ਹੈ ਇਹੀ ਸੱਚੀ ਸੇਵਾ ਹੈ ਜਿਸ ਦਾ ਨਾਮ ਪੰਜਾਬ ਸਰਕਾਰ ਨੇ ਭਾਈ ਘਨਈਆ ਜੀ ਸਕੀਮ ਰੱਖਿਆ ਹੈ ਤੇ ਭਾਰਤ ਸਰਕਾਰ ਨੇ ਫਰਿਸ਼ਤਾ ਸਕੀਮ ਰੱਖਿਆ ਹੈ ਇਸ ਦਾ ਤੁਹਾਨੂੰ ਸਾਰਿਆਂ ਨੂੰ ਲਾਹਾ ਲੈਣਾ ਚਾਹੀਦਾ ਹੈ ਤੇ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ।

# ਸਰਕਾਰੀ ਰੁੱਖ ਕੱਟਣ ਤੇ ਹੁਣ 10000 ਰੁਪਏ ਜੁਰਮਾਨਾ ਹੋ ਸਕਦਾ ਹੈ



**ਚੌਕ ਮਹਿਤਾ, 7 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵਲੋਂ ਰੁੱਖਾਂ ਦੀ ਕਟਾਈ ’ਤੇ ਪ੍ਰਤੀ ਰੁੱਖ 10 ਹਜ਼ਾਰ ਰੁਪਏ ਤੱਕ ਦਾ ਜੁਰਮਾਨਾ ਵਰਗੀਆਂ ਸਖਤ ਪਾਬੰਦੀਆਂ ਲਾਗੂ ਹੋਣ ਦੇ ਬਾਵਜੂਦ ਸੂਬੇ ਵਿਚ ਰੁੱਖਾਂ ਦੀ ਚੋਰੀ ਕਟਾਈ ਰੁਕਣ ਦਾ ਨਾਮ ਨਹੀ ਲੈ ਰਹੀ,ਐਸਾ ਹੀ ਇਕ ਮਾਮਲਾ ਅਪਰਬਾਰੀ ਦੁਆਬ ਨਹਿਰ ਦੇ ਕੰਢੇ ਪਿੰਡ ਜੇਠੂਵਾਲ ਵਿਖੇ ਸਾਹਮਣੇ ਆਇਆ ਹੈ,ਜਿਥੇ ਜੰਗਲਾਤ ਵਿਭਾਗ ਦੇ ਪੰਦਰਾਂ ਦੇ ਕਰੀਬ ਰੁੱਖਾਂ ਦੀ ਇਕੋ ਰਾਤ ਵਿਚ ਹੋਈ ਚੋਰੀ ਕਟਾਈ ਇਲਾਕੇ ਵਿਚ ਚਰਚਾ ਦਾ ਵਿਸ਼ਾ ਬਣੀ ਹੈ। ਜਿਸ ਅਪਰਾਧ ਦਾ ਇਲਾਕਾ ਨਿਵਾਸੀਆਂ ਅਤੇ ਸਮਾਜ ਸੇਵਾ ਸੁਸਾਇਟੀ ਦੇ ਆਗੂ ਭਾਈ ਮਨਜੀਤ ਸਿੰਘ ਖਾਲਸਾ ਤੇ ਉਨ੍ਹਾਂ ਦੇ ਸਾਥੀਆਂ ਵਲੋਂ ਮੌਕੇ ਦੇ ਪਹੁੰਚ ਕੇ ਨੋਟਿਸ ਲਿਆ ਗਿਆ,ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਅਪਰਾਧ ਦੇ ਦੋਸ਼ੀਆਂ ਦੀ ਭਾਲ ਕਰਕੇ ਸਖਤ ਕਾਰਵਾਈ ਕੀਤੀ ਜਾਵੇ । ਇਸ ਮਸਲੇ ਤੇ ਬੋਲਦਿਆਂ ਭਾਈ ਖਾਲਸਾ ਨੇ ਕਿਹਾ ਕਿ ਮੁਨਾਫਾਖੋਰ ਲੋਕਾਂ ਵਲੋਂ ਕੁਦਰਤੀ ਵਾਤਾਵਰਣ ਦੀ ਤਬਾਹੀ ਨਜਾਇਜ਼ ਮਾਈਨਿੰਗ ਕਾਰਨ ਅੱਜ ਹਿਮਾਚਲ,ਉਤਰਾਖੰਡ ਵਰਗੇ ਸੂਬਿਆਂ ਵਿਚ ਹਜਾਰਾਂ ਲੋਕ ਕੁਦਰਤੀ ਆਫਤਾਂ ਵਰਗੇ ਸੰਕਟਾਂ ਦਾ ਸਾਹਮਣਾ ਕਰ ਰਹੇ ਹਨ ਉਥੇ ਪੰਜਾਬ ਦਾ ਦਰਿਆਈ ਏਰੀਆ ਭਿਆਨਕ ਹੜ੍ਹਾਂ ਦੀ ਲਪੇਟ ਵਿਚ ਹੈ ਜਿਸਦੇ ਸਿੱਧੇ ਜਿੰਮੇਵਾਰ ਐਸੇ ਅਪਰਾਧ ਹਨ । ਜਦੋਂ ਇਸ ਸਬੰਧੀ ਜੰਗਲਾਤ ਵਿਭਾਗ ਦੇ ਅਫਸਰ ਸੁਖਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਪੁਲਿਸ ਚੌਂਕੀ ਸੋਹੀਆਂ ਖੁਰਦ,ਥਾਣਾ ਹੇਅਰ ਕੰਬੋਅ,ਥਾਣਾ ਮਕਬੂਲਪੁਰਾ ਵਿਖੇ ਰੁੱਖਾਂ ਦੀ ਨਜਾਇਜ਼ ਕਟਾਈ ਦੀਆਂ ਸ਼ਿਕਾਇਤਾਂ ਦਿੱਤੀਆਂ ਜਾ ਚੁੱਕੀਆਂ ਹਨ,ਇਸ ਮਸਲੇ ਦੀ ਜਾਂਚ ਕਰਕੇ ਦੋਸ਼ੀਆਂ ਦੀ ਭਾਲ ਕਰਕੇ ਸਖਤ ਕਾਰਵਾਈ ਕੀਤੀ ਜਾਵੇਗੀ । ਇਸ ਮੌਕੇ ਭਾਈ ਮਨਜੀਤ ਸਿੰਘ ਖਾਲਸਾ,ਡਾ.ਤਲਵਿੰਦਰ ਸਿੰਘ, ਚਰਨਜੀਤ ਸਿੰਘ, ਗੁਰਦੇਵ ਸਿੰਘ, ਰੇਸ਼ਮ ਸਿੰਘ ਸੁਖਵਿੰਦਰ ਸਿੰਘ,ਗੁਰਦੇਵ ਸਿੰਘ ਆਦਿ ਹਾਜਰ ਸਨ।

# ਪਿੰਡ ਵਡਾਲਾ ਜੌਹਲ ਵੱਲੋਂ ਸੰਤ ਬਾਬਾ ਚਮਕੌਰ ਸਿੰਘ ਦੇ ਸਹਿਯੋਗ ਨਾਲ ਹੜ ਪੀੜਤਾਂ ਲਈ ਗੁਰੂ ਦਾ ਲੰਗਰ ਲਗਾਇਆ



ਚੌਕ ਮਹਿਤਾ 7 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੌਹਲ ਅਤੇ ਐਨ ਆਰ ਆਈ ਇਲਾਕੇ ਦੀ ਸੰਗਤਾਂ ਵੱਲੋਂ ਅਜਨਾਲਾ ਇਲਾਕੇ ਵਿੱਚ ਕੁਦਰਤੀ ਆਈ ਆਫਤ ਹੜ ਪੀੜਤਾਂ ਲਈ ਗੁਰੂ ਜੀ ਦਾ ਲੰਗਰ ਲਗਾਇਆ ਗਿਆ ਅਤੇ ਹੋਰ ਵੀ ਰਸਤਾਂ ਪਾਣੀ, ਦੁੱਧ, ਅਤੇ ਹੋਰ ਬਹੁਤ ਸਾਰੀਆਂ ਵਸਤੂਆਂ ਦੀ ਸੇਵਾ ਕੀਤੀ ਗਈ ਇਸ ਮੌਕੇ ਤੇ ਸੰਤ ਬਾਬਾ ਚਮਕੌਰ ਸਿੰਘ ਵਡਾਲਾ ਜੌਹਲ ਤੋਂ ਇਲਾਵਾ ਸਰਪੰਚ ਦਿਲਬਾਗ ਸਿੰਘ ਜੌਹਲ, ਰਾਗੀ ਭਾਈ ਆਤਮਜੀਤ ਸਿੰਘ, ਭਾਈ ਬਲਜੀਤ ਸਿੰਘ, ਸੁਖਰਾਜ ਸਿੰਘ, ਗੁਰਪ੍ਰੀਤ ਸਿੰਘ, ਗਿਆਨੀ ਭੁਪਿੰਦਰ ਸਿੰਘ, ਕਾਕਾ ਸਿੰਘ, ਸੰਦੀਪ ਸਿੰਘ ਅੱਪੂ ਸਿੰਘ, ਸੁਖਜਿੰਦਰ ਸਿੰਘ ਮੰਨਾ ਆਦਿ ਸੇਵਾਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਵੱਲੋਂ ਹੜ੍ਹ ਪੀੜਤਾਂ ਲਈ ਸਭਰਾਵਾਂ ਵਿਖੇ ਮੈਡੀਕਲ ਕੈਂਪ ਤੇ ਹਰੀਕੇ ਤੋਂ ਲੈ ਕੇ ਸਭਰਾਵਾਂ ਦੇ ਏਰੀਏ ਵਿਚ

# ਡਾਕਟਰਾਂ ਦੀਆਂ ਟੀਮਾਂ ਦੇ ਰਹੀਆਂ ਨੇ ਦਵਾਈਆਂ









**ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :—** ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਪੰਜਾਬ ਦੇ ਕਈ ਸ਼ਹਿਰਾਂ ਜਿਵੇਂ ਕਿ ਅਜਨਾਲਾ ਰਮਦਾਸ ਏਰੀਆ ਡੇਰਾ ਬਾਬਾ ਨਾਨਕ ਤੋਂ ਇਲਾਵਾ ਹਰੀਕੇ ਤੋਂ ਸਭਰਾਵਾਂ ਦੇ ਏਰੀਏ ਵਿਚ ਜਿਵੇਂ ਮੁੱਠਿਆਂ ਵਾਲਾ, ਬਾਨਿਆਂ ਵਾਲਾ ਪਿੰਡਾਂ ਵਿਚ ਮਹਾਂਪੁਰਖ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਦੇ ਆਦੇਸ਼ ਤੇ ਡਾਕਟਰਾਂ ਦੀਆਂ ਵੱਖ—ਵੱਖ ਟੀਮਾਂ ਜਿਨ੍ਹਾਂ ਵਿਚ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ, ਜਥੇਦਾਰ ਭਾਈ ਚਮਕੌਰ ਸਿੰਘ, ਜਥੇਦਾਰ ਭਾਈ ਸਰਵਨ ਸਿੰਘ ਮੱਲਵਾਲਾ ਦਮਦਮੀ ਟਕਸਾਲ, ਡਾਕਟਰ ਟਹਿਲ ਸਿੰਘ, ਡਾਕਟਰ ਬਲਜੀਤ ਸਿੰਘ, ਭਾਈ ਮੋਹਕਮ ਸਿੰਘ, ਬਾਬਾ ਅਮਰ ਸਿੰਘ ਅਤੇ ਹੋਰ ਵੀ ਜਥੇ ਦੇ ਸਿੰਘਾਂ ਵੱਲੋਂ ਹੜ੍ਹ ਪੀੜਤਾਂ ਦੀ ਸੇਵਾ ਵਿਚ ਹਰ ਪਿੰਡ ਜਾ ਕੇ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ। ਮਹਾਂਪੁਰਖ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੇ ਡਿਊਟੀ ਅਤੇ ਆਗਿਆ ਨਾਲ ਜਥੇਦਾਰਠਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਆਪਣੇ ਜਥੇ ਦੇ ਸਿੰਘਾਂ ਨੂੰ ਨਾਲ ਲੈ ਕੇ ਪਿੰਡ—ਪਿੰਡ ਜਾ ਕੇ ਹਰ ਪੀੜਤਾਂ ਦੀਆਂ ਦੁੱਖ ਤਕਲੀਫਾਂ ਪੁਛ ਕੇ ਉਨ੍ਹਾਂ ਨੂੰ ਲੋੜ ਅਨੁਸਾਰ ਸਹਾਇਤਾ ਕੀਤੀ ਜਾ ਰਹੀ ਹੈ। ਇਸੇ ਤਰ੍ਹਾਂ ਸਭਰਾਵਾਂ ਵਿਖੇ ਪੱਕਾ ਮੈਡੀਕਲ ਕੈਂਪ ਜਥੇਦਾਰ ਸਰਵਨ ਸਿੰਘ, ਜਥੇਦਾਰ ਮੱਲਾਂਵਾਲਾ, ਜਥੇਦਾਰ ਚਮਕੌਰ ਸਿੰਘ ਅਤੇ ਗਿਆਨੀ ਸੁਖਦੇਵ ਸਿੰਘ ਦੀ ਦੇਖ—ਰੇਖ ਹੇਠ ਲੱਗਾ ਹੋਇਆ ਹੈ।

### ਅੰਤਰ-ਰਾਸ਼ਟਰੀ ਭਾਈ ਮਰਦਾਨਾ ਸੋਸਾਇਟੀ ਵਲੋਂ

# ਹੜ੍ਹ ਪੀੜਤਾਂ ਨੂੰ ਮੈਡੀਕਲ ਦਵਾਈਆਂ ਅਤੇ ਹੋਰ ਲੋੜੀਂਦਾ ਸਮਾਨ ਦਿੱਤਾ ਗਿਆ



**ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :—** ਅੰਤਰਰਾਸ਼ਟਰੀ ਭਾਈ ਮਰਦਾਨਾ ਸੋਸਾਇਟੀ ਵੱਲੋਂ ਬਾਰੇ ਕੇ ਰਾਹਤ ਕੈਂਪ ਅਤੇ ਗੱਟੀ ਰਾਜੋ ਕੀ ਵਿਖੇ ਰਾਹਤ ਸਮਗਰੀ ਵੰਡੀ ਗਈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੋਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਸੋਸਾਇਟੀ ਵੱਲੋਂ ਅਤੇ ਮੋਗੇ ਦੇ ਸਹਿਯੋਗੀ ਸੱਜਣਾਂ ਨਾਲ ਮਿਲਕੇ ਬਾਰੇ ਕੇ ਰਾਹਤ ਕੈਂਪ ਅਤੇ ਰਾਜੋ ਕੀ ਗੱਟੀ ਅਤੇ ਟੇਂਡੀ ਵਾਲੇ ਮੈਡੀਕਲ ਦਵਾਇਆ, ਕੇਲੇ, ਬਰੈਡ, ਬਿਸਕੁਟ, ਪਾਣੀ ਅਤੇ ਹੋਰ ਲੋੜੀਦਾਂ ਸਮਾਨ ਦਿੱਤਾ ਗਿਆ। ਦਵਾਇਆਂ ਬਾਰੇ ਮੈਡੀਕਲ ਕੈਂਪ ਅਤੇ ਗੱਟੀ ਰਾਜੋ ਕੀ ਵਿਚ ਬੀ.ਐਸ.ਐਫ ਕੈਂਪ ਵਿਚ ਵੰਡੀਆਂ ਗਈਆਂ, ਬਾਰੇ ਸਰਕਾਰੀ ਸਕੂਲ ਦੇ ਪ੍ਰਿਸੀਪਲ ਸਵਿੰਦਰ ਸਿੰਘ ਵਲੋਂ ਸਾਨੂੰ ਸਹਿਯੋਗ ਦਿੱਤਾ ਗਿਆ। ਇਸ ਤਰ੍ਹਾਂ ਅਸੀਂ ਸਾਰਾ ਸਮਾਨ ਲੋੜਵੰਦ ਹੱਥਾਂ ਵਿੱਚ ਦਿੱਤਾ। ਇਸ ਰਾਹਤ ਕਾਰਜ ਵਿਚ ਮੋਗੇ ਤੋ ਮਾਲਵਿਕਾ ਸੂਦ ਸਾਨੂੰ ਸਹਿਯੋਗ ਕਰ ਰਹੀ ਹਨ, ਉਨ੍ਹਾਂ ਕਿਹਾ ਹੈ ਕਿ ਸੋਨੂੰ ਸੂਦ ਵਲੋਂ ਇਹੀ ਕਿਹਾ ਗਿਆ ਹੈ ਕਿ ਹਰ ਲੋੜਵੰਦ ਦੀ ਮੱਦਦ ਕਰੋ, ਮੱਦਦ ਰੁਕਣੀ ਨਹੀਂ ਚਾਹੀਦੀ। ਗੱਲਬਾਤ ਕਰਦਿਆਂ ਜਗਜੀਤ ਸਿੰਘ ਭੁੱਲਰ ਨੇ ਆਖਿਆ ਕਿ ਮੋਗੇ ਤੋ ਸਰਬਜੀਤ ਸਿੰਘ ਮੈਂਬਰ ਨਿਧਾਂਵਾਲਾ, ਗੁਰਮੀਤ ਸਿੰਘ ਸਰਪੰਚ, ਸੁਖਜਿੰਦਰ ਸਿੰਘ ਸਰਪੰਚ ਡਗਰੂ, ਦਵਿੰਦਰ ਸਿੰਘ ਸੋਨੀ, ਕੁਲਜਿੰਦਰ ਸਿੰਘ ਘੱਲ ਕਲਾਂ, ਰਾਜਾ ਘਾਲੀ ਦਾ ਵੀ ਸਹਿਯੋਗ ਹੈ। ਅਸੀ ਸੋਸਾਇਟੀ ਵਲੋਂ ਸਾਰੇ ਦਾਨ ਦੇਣ ਅਤੇ ਸਹਿਯੋਗ ਦੇਣ ਵਾਲੇ ਵੀਰਾਂ ਨੂੰ ਅਪੀਲ ਕਰਦੇ ਹਾਂ ਕਿ ਥੋੜੇ ਸਮੇਂ ਬਾਅਦ ਕਣਕ ਦੀ ਬਿਜਾਈ ਲਈ ਬੀਜ ਅਤੇ ਹੋਰ ਸਮਗਰੀ ਦੀ ਸਹਾਇਤਾ ਕਰਨੀ ਹੈ ਜੋ ਪੈਸੇ ਬਚਾ ਕੇ ਉਸ ਸਮੇਂ ਲਈ ਰੱਖੋ ਤਾਂ ਜੋ ਪਰਿਵਾਰਾਂ ਦਾ ਅਤੇ ਕਿਸਾਨਾਂ ਦਾ ਮੁੜ ਵਸੇਵਾ ਕਰਵਾ ਸਕੀਏ। ਇਸ ਮੋਕੇ ਰਾਜੇਸ਼ ਕੁਮਾਰ, ਹਰਜੀਤ ਸਿੰਘ ਧਾਲੀਵਾਲ, ਬੱਬੂ ਹੁਸੇਨੀਵਾਲਾ, ਹਰਦੀਪ ਸਿੰਘ ਸਰਪੰਚ, ਗੁਰਮੀਤ ਸਿੰਘ ਮੋਜੂਦ ਸਨ।

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਭਾਦੋਂ ਦੀ ਪੂਰਨਮਾਸ਼ੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



**ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਭਾਦੋ ਦੀ ਪੂਰਨਮਾਸੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਥਾ ਕਰਦਿਆਂ ਆਖਿਆ ਕਿ ਸਾਨੂੰ ਆਪਣਾ ਜੀਵਨ ਵਾਹਿਗੁਰੂ ਜੀ ਦੇ ਭਾਣੇ ਵਿਚ ਰਹਿ ਕੇ ਬਸਰ ਕਰਨਾ ਚਾਹੀਦਾ ਹੈ, ਕਿਉਂਕਿ ਵਾਹਿਗੁਰੂ ਜੀ ਜਿਥੇ ਵੀ ਰੱਖਦਾ ਹੈ ਮਨੁੱਖ ਨੂੰ ਰਹਿਣਾ ਪੈਂਦਾ ਹੈ। ਉਨ੍ਹਾਂ ਵਾਹਿਗੁਰੂ ਦੀ ਕੁਦਰਤ ਬਾਰੇ ਕਿਹਾ ਕਿ ਕੁਦਰਤ ਦੀ ਕਰੋਪੀ ਕਾਰਨ ਪੰਜਾਬ ਵਿਚ ਹੜ੍ਹ ਆਇਆ ਹੈ, ਜਿਸ ਨਾਲ ਕਈ ਲੱਖਾਂ ਦੀ ਗਿਣਤੀ ਵਿਚ ਲੋਕ ਘਰਾਂ ਤੋਂ ਬੇਘਰ ਹੋ ਗਏ ਹਨ ਅਤੇ ਕਈ ਪਿੰਡਾਂ ਦੇ ਪਿੰਡ ਤਬਾਹ ਹੋ ਗਏ ਹਨ। ਲੋਕਾਂ ਦੀਆਂ ਮੱਝਾਂ, ਗਾਵਾਂ ਅਤੇ ਹੋਰ ਕੀਮਤੀ ਸਮਾਨ ਰੁੜ ਗਿਆ ਹੈ ਅਤੇ ਇਸ ਦੁੱਖ ਦੀ ਘੜੀ ਵਿਚ ਪੰਜਾਬ ਭਰ ਦੀਆਂ ਸੰਗਤਾਂ, ਸਮਾਜ ਸੇਵਕ, ਕਲਾਕਾਰ, ਸੰਤ ਸਮਾਜ ਅਤੇ ਹੋਰ ਵੱਖ—ਵੱਖ ਜਥੇਬੰਦੀਆਂ ਭਾਰੀ ਗਿਣਤੀ ਵਿਚ ਰਾਸ਼ਨ, ਪਸ਼ੂਆਂ ਲਈ ਫੀਡ, ਆਚਾਰ, ਤਿਰਪਾਲਾਂ ਅਤੇ ਹੋਰ ਸਮਾਨ ਵੰਡਿਆ ਜਾ ਰਿਹਾ ਹੈ, ਜਿਸ ਤਹਿਤ ਗੁਰਦੁਆਰਾ ਛੱਪੜੀ ਸਾਹਿਬ ਤੋਂ ਵੀ ਹਰ ਰੋਜ਼ ਲੰਗਰ ਅਤੇ ਸੁੱਕਾ ਰਾਸ਼ਨ ਅਤੇ ਪਸ਼ੂਆਂ ਲਈ ਫੀਡ ਆਚਾਰ ਲੈ ਕੇ ਹੜ੍ਹ ਪੀੜਤਾਂ ਦੀ ਪਿੰਡਾਂ ਵਿਚ ਘਰ—ਘਰ ਜਾ ਕੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਅਤੇ ਹੋਰ ਸਾਥੀ ਵੰਡ ਰਹੇ ਹਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਸਰਕਾਰ ਵਲੋ ਨਿਕਾਰਿਆ ਹਿਥਾੜ ਦਾ ਇਲਾਕਾ ਸ੍ਰੋਮਣੀ ਆਕਾਲੀ ਦਲ ਵਾਰਿਸ ਪੰਜਾਬ ਨੇ ਸੰਭਾਲਿਆ—ਗੁਰਨਾਮ ਸਿੰਘ ਬੰਡਾਲਾ



**ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :—** ਦਮਦਮੀ ਟਕਸਾਲ ਦੇ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਹਰੀ ਕੇ ਹੈਡ ਤੋਂ ਲੱਗ ਕੇ ਹੁਸੈਨੀਵਾਲੇ ਹੈਡ ਤੱਕ ਦਰਿਆ ਦੇ ਨਾਲ ਪੰਜ ਸੋ ਪਿੰਡ ਵਸਦੇ ਹਨ ਇਨ੍ਹਾਂ ਪਿੰਡਾਂ ਨੂੰ ਸਰਕਾਰ ਨੇ ਦਸ ਨੰਬਰੀ ਬਦਮਾਸ਼ ਵਾਂਗ ਨਕਾਰਿਆ ਹੈ ਅਤੇ ਇਹ ਪਿੰਡ ਹਰ ਸਾਲ ਹੜ੍ਹ ਦੀ ਮਾਰ ਝਲਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਦੀਆਂ ਜਮੀਨਾਂ ਮਲਕੀਅਤ ਇੰਤਕਾਲ ਹਨ ਸਰਕਾਰ ਟੈਕਸ ਵੋਟਾਂ ਇਥੋਂ ਵਿਰੋਲਦੀ ਹੈ ਆਕਾਲੀ ਦਲ ਜਨਮੇਜਾ ਸੇਖੋਂ, ਬਲਰਾਮ ਜਾਖੜ ਨੇ ਇਹ ਇਲਾਕਾ ਵੋਟਾਂ ਲਈ ਖੂਬ ਲੁਟਿਆ ਹੈ ਪਰ ਇਕ ਕੌਢੀ ਦਾ ਇਸ ਇਲਾਕੇ ਨੂੰ ਹੜਾਂ ਤੋਂ ਬਚਾਉਣ ਲਈ ਕੰਮ ਨਹੀਂ ਕੀਤਾ। ਗੱਲਬਾਤ ਜਾਰੀ ਰੱਖਦਿਆਂ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਮੰਤਰੀਆਂ, ਪੁਲਿਸ ਅਫਸਰਾਂ ਰਲਕੇ ਇਸ ਇਲਾਕੇ ਨੂੰ ਨਸ਼ੇ ਰਾਹੀ ਬਹੁਤ ਮਾਰਿਆ ਹੈ ਅੱਜ ਹੜ੍ਹ ਦੀ ਸਭ ਤੋਂ ਜਿਆਦਾ ਮਾਰ ਇਹ ਇਲਾਕਾ ਝਲ ਰਿਹਾ ਇਸ ਇਲਾਕੇ ਨੂੰ ਤਿੰਨ ਤਰੀਕਿਆ ਨਾਲ ਸਰਕਾਰ ਤਬਾਹ ਕਰਦੀ ਹੈ ਜਦੋਂ ਹੜ ਆਉਦੇ ਹਨ ਉਸ ਵਕਤ ਰਾਜਸਥਾਨ ਨੂੰ ਜਾਣ ਵਾਲੀਆਂ ਨਹਿਰਾਂ ਅਫਸਰ ਬੰਦ ਕਰ ਦਿੰਦੇ ਹਨ ਦੂਸਰਾ ਹੁਸੈਨੀਵਾਲਾ ਜਿਥੇ ਕੋਈ ਨਹਿਰ ਨਹੀਂ ਨਿਕਲਦੀ ਜਦੋਂ ਹੜ੍ਹ ਆਉਂਦਾ ਉਹ ਅਫਸਰ ਪਾਕਿਸਤਾਨ ਨੂੰ ਪਾਣੀ ਰੋਕਦੇ ਹਨ ਡਾਫ ਨਾਲ ਇਸ ਇਲਾਕੇ ਦੀਆਂ ਫਸਲਾਂ ਤਬਾਹ ਕਰ ਦਿੰਦੇ ਹਨ ਤੀਸਰਾ ਬੀ.ਐਸ.ਐਫ ਨੇ ਦਰਿਆ ਵਿਚ ਕੰਡਿਆਲੀ ਤਾਰ ਦਾ ਜਾਲ ਵਿਛਾਇਆ ਉਸ ਵਿਚ ਬੂਟੀ ਅੜ ਜਾਦੀ ਪਾਣੀ ਦੀ ਡਾਫ ਲਗਦੀ ਹੈ ਉਸ ਤਰ੍ਹਾਂ ਪੈਸਾ ਲੈ ਕੇ ਰਾਤ ਸਮਗਲਰਾਂ ਨੂੰ ਲੰਘਾਇਆ ਜਾਂਦਾ ਹੈ। ਗੱਲਬਾਤ ਕਰਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਦਸੋ ਹਿਥਾੜ ਦੇ ਲੋਕਾਂ ਦੀ ਆਵਾਜ ਕੌਣ ਸੁਣੇਗਾ ਆਦੇਸ਼ ਪਰਤਾਪ ਸਿੰਘ ਕੈਰੋ ਨੇ ਇਸ ਇਲਾਕੇ ਵੱਲ ਧਿਆਨ ਕੀਤਾ ਸੀ ਬੁੱਢਾ ਕੋਟ ਤੇ ਬੰਡਾਲੇ ਪਿੰਡ ਦੇ ਵਿਚਕਾਰ ਦਰਿਆ ਤੇ ਬਹੁਤ ਮਜਬੂਤ ਪੁਲ ਬਣਾਇਆ ਪਟੀ ਤੋਂ ਫਿਰੋਜਪੁਰ ਨੂੰ ਸੜਕ ਬਣਾਈ ਲੋਕਾਂ ਨੂੰ ਬਹੁਤ ਸੁੱਖ ਹੋਇਆ ਉਸ ਤੋਂ ਬਾਅਦ ਕਿਸੇ ਮੰਤਰੀ ਨੇ ਨਾ ਬੰਨਾਂ ਦੀ ਸਾਰ ਲਈ ਨਾ ਸੜਕ ਦੀ ਗੱਡੀ ਦੀ ਲਾਇਨ ਫਿਰੋਜਪੁਰ ਮੱਲਾਂਵਾਲੇ ਤੋਂ ਪਟੀ ਨੂੰ ਸਰਵਾ ਹੋਇਆ ਹੈ ਭਾਜਪਾ ਸਰਕਾਰ ਨੇ ਇਹ ਵੀ ਦਸ ਸਾਲ ਤੋ ਪ੍ਰੋਜੈਕਟ ਠੱਪ ਕੀਤਾ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇਸ ਇਲਾਕੇ ਵਿਚ ਲੋਕਾਂ ਦੇ ਘਰਾਂ ਵਿਚ ਦਸ—ਦਸ ਫੁਟ ਪਾਣੀ ਹੈ ਡੰਗਰਾ ਦਾ ਬੁਰਾ ਹਾਲ ਹੈ ਸਾਰੀਆ ਪਾਰਟੀਆਂ ਸੁਕੇ ਥਾਵਾਂ ਤੇ ਪੈਸਾ ਵੰਡ ਕੇ ਦਿਖਾਵੇ ਕਰ ਰਹੀਆਂ ਹਨ ਸ਼੍ਰੋਮਣੀ ਆਕਾਲੀ ਵਾਰਿਸ ਪੰਜਾਬ ਦੇ ਨੌਜਵਾਨ ਇਸ ਇਲਾਕੇ ਤੇ ਤਰਸ ਖਾ ਰਹੇ ਹਨ ਪਾਣੀ ਵਿਚ ਦੀ ਤਰ ਕੇ ਕੋਠਿਆ ਤੇ ਬੈਠਿਆ ਨੂੰ ਲੋਕਾਂ ਨੂੰ ਰਾਸ਼ਨ ਦੇ ਰਹੇ ਹਨ, ਇਸ ਵਾਰੀ ਮੰਨਣਾ ਪਵੇਗਾ ਵਾਰਿਸ ਪੰਜਾਬ ਨੇ ਕਮਾਲ ਕਰ ਦਿਤੀ ਹੈ ਰੁੜੇ ਲੋਕਾਂ ਨੂੰ ਬਚਾਇਆ ਸਭ ਤੋਂ ਵਡੀ ਗੱਲ ਜਾਨ ਦੀ ਪਰਵਾਹ ਨਾ ਕਰਦਿਆ ਪਾਣੀ ਨਾਲ ਮਾਰੇ ਲੋਕਾਂ ਦੀ ਬਾਂਹ ਫੜ ਰਹੇ ਹਨ ਬੁੱਢੇ ਕੋਟ ਪੁਲ ਤੋਂ ਅਗੇ ਕੋਈ ਨਹੀਂ ਪਹੁਚਦਾ ਵਾਰਿਸ ਪੰਜਾਬ ਵਾਲੇ ਪਹੁੰਚਦੇ ਹਨ।

# ਪੂਰਨਿਮਾ ਦੇ ਪਾਵਨ ਦਿਹਾੜੇ ’ਤੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਮੁਫ਼ਤ ਡੈਂਟਲ ਚੈਕਅਪ ਕੈਂਪ



**ਫ਼ਿਰੋਜ਼ਪੁਰ, 7 ਸਤੰਬਰ (ਮਨੋਹਰ ਲਾਲ) :—** ਪੂਰਨਿਮਾ ਦੇ ਪਾਵਨ ਮੌਕੇ ’ਤੇ ਪਿੰਡ ਬਾਜਿਦਪੁਰ ਸਥਿਤ ਸ਼੍ਰੀ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਡੈਂਟਲ ਚੈਕਅਪ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਵਿੱਚ 150 ਤੋਂ ਵੱਧ ਸੰਗਤ ਨੇ ਭਾਗ ਲਿਆ ਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਇਸ ਮੌਕੇ ਡਾ: ਗਗਨ ਅਤੇ ਡਾ: ਰਾਹੁਲ ਨੇ ਸੰਗਤ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਦੰਦਾਂ ਦੀ ਸਹੀ ਦੇਖ—ਭਾਲ ਦੇ ਤਰੀਕੇ, ਨਿਯਮਿਤ ਬਰਸ਼ ਕਰਨ ਅਤੇ ਸਮੇਂ—ਸਮੇਂ ’ਤੇ ਡੈਂਟਲ ਚੈਕਅਪ ਕਰਵਾਉਣ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੌਰਾਨ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਸੰਗਤ ਨੂੰ ਟੂਥਬ੍ਰਸ਼ ਅਤੇ ਪੇਸਟ ਵੰਡੇ।

ਸ਼ਹੀਦ ਭਾਈ ਦਿਲਾਵਰ ਸਿੰਘ, ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਸਮੇਤ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ

# ਅਖੰਡ ਕੀਰਤਨੀ ਜੱਥਾ ਟੋਰਾਂਟੋ ਵਲੋਂ ਰੈਣ ਸਬਾਈ ਕੀਰਤਨ





**ਨਵੀਂ ਦਿੱਲੀ, 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਪੰਥ ਦੀ ਸਿਰਮੌਰ ਜੱਥੇਬੰਦੀ ਅਖੰਡ ਕੀਰਤਨੀ ਜੱਥਾ ਟੋਰਾਂਟੋ ਕੈਨੇਡਾ ਵਲੋਂ ਕੌਮ ਦੀ ਆਜ਼ਾਦੀ ਲਈ ਚਲ ਰਹੇ ਮੌਜੂਦਾ ਸੰਘਰਸ਼ ਵਿਚ ਸ਼ਹੀਦੀਆਂ ਦਾ ਜਾਮ ਪੀਣ ਵਾਲੇ ਅਨੋਖੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ, ਸ਼ਹੀਦ ਜਥੇਦਾਰ ਸੁਖਦੇਵ ਸਿੰਘ ਬੱਬਰ, ਸ਼ਹੀਦ ਭਾਈ ਅਨੋਖ ਸਿੰਘ ਬੱਬਰ, ਸ਼ਹੀਦ ਭਾਈ ਗੁਰਜੰਟ ਸਿੰਘ ਬੁੱਧਸਿੰਘ ਵਾਲਾ, ਸ਼ਹੀਦ ਬਾਬਾ ਗੁਰਬਚਨ ਸਿੰਘ ਮਾਨੋਚਾਹਲ, ਸ਼ਹੀਦ ਭਾਈ ਬਲਵਿੰਦਰ ਸਿੰਘ ਬੱਬਰ ਜਟਾਣਾ, ਸ਼ਹੀਦ ਭਾਈ ਚਰਨਜੀਤ ਸਿੰਘ ਚੰਨਾ ਬੱਬਰ ਸਮੇਤ ਸਮੂਹ ਸ਼ਹੀਦ ਸਿੰਘ ਸਿੰਘਣੀਆਂ ਅਤੇ ਮਨੁੱਖੀ ਅਧਿਕਾਰਾਂ ਦੇ ਰਾਖੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸ਼ਹਾਦਤ ਨੂੰ ਸਮਰਪਿਤ ਕੀਰਤਨ ਰੈਣ ਸਬਾਈ ਅਖਾੜੇ ਸਜਾਏ ਗਏ । ਇਸ ਮੌਕੇ ਨਿੱਕੇ ਨਿੱਕੇ ਬੱਚਿਆਂ ਨੇ ਕੀਰਤਨ ਰੈਣ ਸਬਾਈ ਦੀ ਕੀਰਤਨੀ ਸ਼ੁਰੂਆਤ ਕੀਤੀ ਉਪਰੰਤ ਭਾਈ ਜਸਦੀਪ ਸਿੰਘ ਟੋਰਾਂਟੋ, ਬੀਬੀ ਹਰਬੰਸ ਕੌਰ ਜੀ ਮੋਗਾ, ਭਾਈ ਹਰਪ੍ਰੀਤ ਸਿੰਘ ਟੋਰਾਂਟੋ ਸਮੇਤ ਵਡੀ ਗਿਣਤੀ ਵਿਚ ਕੀਰਤਨੀ ਸਿੰਘ ਸਿੰਘਣੀਆਂ ਨੇ ਨਿਸ਼ਕਾਮ ਕੀਰਤਨੀ ਹਾਜ਼ਿਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਸੀ । ਜਿਕਰਯੋਗ ਹੈ ਕਿ ਜਿੱਥੇ ਅਖੰਡ ਕੀਰਤਨੀ ਜੱਥੇ ਦੇ ਸਿੰਘ ਸਿੰਘਣੀਆਂ ਨੇ ਵਡੀ ਗਿਣਤੀ ਅੰਦਰ ਕੌਮ ਦੀ ਆਜ਼ਾਦੀ ਦੇ ਚਲ ਰਹੇ ਮੌਜੂਦਾ ਸੰਘਰਸ਼ ਅੰਦਰ ਸ਼ਹਾਦਤ ਦਿੱਤੀ ਹੈ ਓਥੇ ਹਾਲੇ ਵੀਂ ਸੰਘਰਸ਼ ਵਿਚ ਹਿੱਸਾ ਲੈਣ ਵਾਲੇ ਜੱਥੇ ਦੇ ਸਿੰਘ ਸਾਲਾਂ ਬੱਧੀ ਹਿੰਦੁਸਤਾਨ ਦੀਆਂ ਵੱਖ ਵੱਖ ਜੇਲ੍ਹਾਂ ਅੰਦਰ ਬੰਦ ਹਨ, ਜਿਨ੍ਹਾਂ ਦੀ ਰਿਹਾਈ ਲਈ ਕੇਂਦਰ ਸਰਕਾਰ ਕਿਸੇ ਕਿਸਮ ਦਾ ਹੁੰਗਾਰਾ ਨਹੀਂ ਦੇ ਰਹੀ ਹੈ। ਇਸ ਮੌਕੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਜੋ ਕਿ ਮਨੁੱਖੀ ਅਧਿਕਾਰਾਂ ਦੇ ਰਾਖੇ ਸਨ, ਜਿਨ੍ਹਾਂ ਆਪਣੇ ਮਿੱਤਰ ਨੂੰ ਲੱਭਦਿਆਂ ਪੰਜਾਬ ਅੰਦਰ ਹਜਾਰਾਂ ਦੀ ਤਾਦਾਦ ਵਿਚ ਲਾਵਰਸ ਦਸ ਕੇ ਸਾੜੇ ਗਏ ਬੇਗੁਨਾਹ ਨੌਜੁਆਨਾਂ ਦਾ ਭੇਂਦ ਜੱਗ ਜ਼ਾਹਿਰ ਕੀਤਾ ਸੀ ਤੇ ਇਸ ਬਿਖੜੇ ਪੈਂਡੇ ਤੇ ਚਲਦਿਆ ਪੁਲਿਸ ਵਲੋਂ ਉਨ੍ਹਾਂ ਦਾ ਕਤਲ ਕਰ ਕੇ ਉਨ੍ਹਾਂ ਦੀ ਦੇਹ ਨੂੰ ਹਰਿ ਕੇ ਪਤਣ ਰਾਜਸਥਾਨ ਦੀ ਨਹਿਰ ਵਿਚ ਰੋੜ ਦਿੱਤਾ ਗਿਆ ਸੀ, ਨੂੰ ਸਮਰਪਿਤ ਕਾਲਜ ਦੀ ਆਰੰਭਤਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਹਰਪਾਲ ਸਿੰਘ ਚੀਮਾ ਦੀ ਪ੍ਰੇਰਨਾ ਸਦਕਾ ਵੈਟਰਨਰੀ ਅਫ਼ਸਰ ਅਤੇ ਡਾਕਟਰ ਵੀ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਅੱਗੇ ਆਏ

# ਵਿੱਤ ਮੰਤਰੀ ਦੀ ਹਾਜ਼ਰੀ ਵਿੱਚ ਰਾਹਤ ਸਮੱਗਰੀ ਦਾ ਟਰੱਕ ਪ੍ਰਭਾਵਿਤ ਇਲਾਕਿਆਂ ਲਈ ਭੇਜਿਆ

**ਸੰਗਰੂਰ ( ਰਣਜੀਤ ਸਿੰਘ ਪੇਧਨੀ)-** ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਸ੍ਰ ਹਰਪਾਲ ਸਿੰਘ ਚੀਮਾ ਦੀ ਪ੍ਰੇਰਨਾ ਸਦਕਾ ਜ਼ਿਲ੍ਹਾ ਸੰਗਰੂਰ ਦੇ ਵੈਟਰਨਰੀ ਅਫ਼ਸਰਾਂ ਅਤੇ ਡਾਕਟਰਾਂ ਨੇ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਹਰ ਸੰਭਵ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਉਹਨਾਂ ਅੱਜ ਸਥਾਨਕ ਰੈਸਟ ਹਾਊਸ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਰਾਹਤ ਸਮੱਗਰੀ ਦਾ ਟਰੱਕ ਵੀ ਭੇਜਿਆ, ਜਿਸ ਨੂੰ ਸ੍ਰ ਹਰਪਾਲ ਸਿੰਘ ਚੀਮਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸ੍ਰ ਚੀਮਾ ਨੇ ਕਿਹਾ ਕਿ ਅੱਜ ਪੰਜਾਬ ਅਤੇ ਪੰਜਾਬੀ ਲੋਕ ਬਹੁਤ ਹੀ ਕੁਦਰਤੀ ਮਾਰ ਦਾ ਸਾਹਮਣਾ ਕਰ ਰਹੇ ਹਨ। ਇਸ ਔਖੀ ਘੜੀ ਵਿੱਚ ਪੀੜ੍ਹਤ ਲੋਕਾਂ ਨਾਲ ਪੂਰਾ ਪੰਜਾਬ ਚੱਟਾਨ ਵਾਂਗ ਖੜ੍ਹਾ ਹੈ। ਉਹਨਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਲੋਕਾਂ ਦੀ ਜਾਨ ਮਾਲ ਦੀ ਰਾਖੀ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ ਉਥੇ ਹੀ ਆਮ ਲੋਕਾਂ ਵੱਲੋਂ ਵੀ ਪੰਜਾਬ ਸਰਕਾਰ ਦੀ ਅਪੀਲ ਉੱਤੇ ਪੀੜ੍ਹਤ ਪਰਿਵਾਰਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿੱਚ ਕੰਮ ਕਰਦੇ ਸਮੂਹ ਵੈਟਰਨਰੀ ਅਫ਼ਸਰਾਂ ਅਤੇ ਡਾਕਟਰਾਂ ਨੇ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਹਰ ਸੰਭਵ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ, ਜੋ ਕਿ ਬਹੁਤ ਹੀ ਵਧੀਆ ਉਪਰਾਲਾ ਹੈ। ਉਹਨਾਂ ਕਿਹਾ ਕਿ ਸਮੂਹ ਵੈਟਰਨਰੀ ਅਫ਼ਸਰਾਂ ਅਤੇ ਡਾਕਟਰਾਂ ਨੇ ਇਕੱਠੇ ਹੋ ਕੇ ਹੜ੍ਹ ਦੌਰਾਨ ਅਤੇ ਹੜ੍ਹ ਉਪਰੰਤ ਲੋੜ੍ਹ ਪੈਣ ਵਾਲੀਆਂ ਦਵਾਈਆਂ, ਪਸ਼ੂਆਂ ਲਈ ਫੀਡ ਅਤੇ ਹੋਰ ਰਾਹਤ ਸਮੱਗਰੀ ਇਕੱਤਰ ਕਰਕੇ ਅੱਜ ਇਕ ਟਰੱਕ ਪ੍ਰਭਾਵਿਤ ਇਲਾਕਿਆਂ ਲਈ ਭੇਜਿਆ ਹੈ। ਇਸਦੇ ਨਾਲ ਹੀ ਸਮੂਹ ਵੈਟਰਨਰੀ ਅਫ਼ਸਰਾਂ ਅਤੇ ਡਾਕਟਰਾਂ ਨੇ ਫੈਸਲਾ ਕੀਤਾ ਹੈ ਕਿ ਉਹ ਸ਼ਿਨੱਚਰਵਾਰ ਅਤੇ ਐਤਵਾਰ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਾ ਕੇ ਨਿਰਸਵਾਰਥ ਸੇਵਾ ਕਰਨਗੇ। ਸ੍ਰ ਚੀਮਾ ਨੇ ਸਮੂਹ ਵੈਟਰਨਰੀ ਅਫ਼ਸਰਾਂ ਅਤੇ ਡਾਕਟਰਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਸੀਬਤ ਦੀ ਘੜੀ ਵਿੱਚ ਪੀੜਤ ਲੋਕਾਂ ਦੀ ਮਦਦ ਲਈ ਅੱਗੇ ਆਉਣ। ਇਸ ਮੌਕੇ ਵਿੱਤ ਮੰਤਰੀ ਦੇ ਓ ਐਸ ਡੀ ਐਡਵੋਕੇਟ ਸ੍ਰ ਤਪਿੰਦਰ ਸਿੰਘ ਸੋਹੀ, ਡਾ ਸੁਖਵਿੰਦਰ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਸੰਗਰੂਰ, ਡਾ ਪਰਮਿੰਦਰ ਸਿੰਘ ਚੋਪੜਾ, ਡਾ ਜਸਕਰਨ ਸਿੰਘ ਐਸ ਵੀ ਓਂ ਧੂਰੀ, ਡਾ ਦੁਸਯੰਤ, ਬਲਜਿੰਦਰ ਸਿੰਘ ਚੰਗਾਲ, ਡਾਕਟਰ ਪਰਮਿੰਦਰਜੀਤ ਸਿੰਘ ਐਸਡੀਓ ਸੰਗਰੂਰ, ਡਾਕਟਰ ਕਿਰਨਜੀਤ ਸਿੰਘ, ਡਾਕਟਰ ਪ੍ਰਭਜੋਤ ਸਿੰਘ, ਡਾ ਟੀ ਪੀ ਸਿੰਘ ਧੂਰੀ, ਡਾ ਅਤਰੀ, ਡਾ ਸਿਮਰਜੋਤ, ਰਵਿੰਦਰ ਸਿੰਘ ਜੌਹਲ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



**ਸ਼ਨਿੱਚਰਵਾਰ ਅਤੇ ਐਤਵਾਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਕਰਨ ਦਾ ਐਲਾਨ • ਪੀੜ੍ਹਤ ਲੋਕਾਂ ਨਾਲ ਪੂਰਾ ਪੰਜਾਬ ਚੱਟਾਨ ਵਾਂਗ ਖੜ੍ਹਾ - ਹਰਪਾਲ ਸਿੰਘ ਚੀਮਾ**

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ ਉਤਸ਼ਾਹ ਨਾਲ ਮਨਾਇਆ ਗਿਆ ਅਧਿਆਪਕ ਦਿਵਸ



**ਨਵੀਂ ਦਿੱਲੀ, 7 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਵਿੱਚ ਅਧਿਆਪਕ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਅਧਿਆਪਕ ਦਿਵਸ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ ਦੇ ਜੀਵਨ ਨੂੰ ਆਕਾਰ ਦੇਣ ਵਿੱਚ ਅਧਿਆਪਕਾਂ ਦੇ ਅਣਮੁੱਲੇ ਯੋਗਦਾਨ ਦਾ ਸਨਮਾਨ ਕਰਣ ਲਈ ਮਨਾਇਆ ਜਾਂਦਾ ਹੈ । ਸਕੂਲ ਵਿਚ ਇਹ ਪ੍ਰੋਗਰਾਮ ਗਿਆਰ੍ਹਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਆਯੋਜਿਤ ਕੀਤਾ ਗਿਆ ਸੀ, ਜਿਨ੍ਹਾਂ ਨੇ ਗੀਤਾਂ, ਗਿੱਧਾ ਅਤੇ ਭੰਗੜੇ ਦੀ ਰੰਗੀਨ ਸੱਭਿਆਚਾਰਕ ਪੇਸ਼ਕਾਰੀ ਰਾਹੀਂ ਅਧਿਆਪਕਾਂ ਪ੍ਰਤੀ ਆਪਣਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਸਤਿਕਾਰ ਅਤੇ ਪਿਆਰ ਦੇ ਪ੍ਰਤੀਕ ਵਜੋਂ ਅਧਿਆਪਕਾਂ ਨੂੰ ਕਾਰਡ ਅਤੇ ਫੁੱਲ ਭੇਟ ਕੀਤੇ। ਵਿਦਿਆਰਥੀ- ਅਗਵਾਈ ਵਾਲੇ ਪ੍ਰੋਗਰਾਮ ਤੋਂ ਬਾਅਦ, ਅਧਿਆਪਕਾਂ ਲਈ ਆਨੰਦ ਲੈਣ ਲਈ ਇੱਕ ਵਿਸ਼ੇਸ਼ ਸੈਸ਼ਨ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਉਨ੍ਹਾਂ ਨੇ ਤੰਬੋਲਾ ਵਰਗੀਆਂ ਮਜ਼ੇਦਾਰ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਅਧਿਆਪਕਾਂ ਦੁਆਰਾ ਖੁਦ ਇੱਕ ਰੂਹਾਨੀ ਸੰਗੀਤਕ ਪੇਸ਼ਕਾਰੀ ਅਤੇ ਕਵਿਤਾਵਾਂ ਦੇ ਪਾਠ ਦਾ ਆਨੰਦ ਮਾਣਿਆ ਗਿਆ । ਇਸ ਸਮਾਗਮ ਵਿੱਚ ਸਕੂਲ ਮੈਨੇਜਰ ਸਰਦਾਰ ਜਗਜੀਤ ਸਿੰਘ ਦੁਆਰਾ ਇੱਕ ਪ੍ਰੇਰਨਾਦਾਇਕ ਭਾਸ਼ਣ ਵੀ ਸ਼ਾਮਲ ਸੀ, ਜਿਸ ਵਿੱਚ ਉਨ੍ਹਾਂ ਵਲੋਂ ਅਧਿਆਪਕਾਂ ਦੇ ਸਮਰਪਣ ਅਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਗਈ। ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਦਿਨ ਨੂੰ ਯਾਦਗਾਰ ਬਣਾਉਣ ਵਿੱਚ ਵਿਦਿਆਰਥੀਆਂ ਅਤੇ ਪ੍ਰਬੰਧਨ ਦੋਵਾਂ ਦੇ ਯਤਨਾਂ ਦਾ ਧੰਨਵਾਦ ਕੀਤਾ । ਇਸ ਮੌਕੇ ਨੂੰ ਹੋਰ ਖੁਸ਼ੀ ਦੇਣ ਲਈ, ਸਕੂਲ ਪ੍ਰਬੰਧਨ ਦੁਆਰਾ ਅਧਿਆਪਕਾਂ ਲਈ ਸਨੈਕਸ ਅਤੇ ਦੁਪਹਿਰ ਦੇ ਖਾਣੇ ਦਾ ਵਿਸ਼ੇਸ਼ ਤੌਰ ਤੇ ਪ੍ਰਬੰਧ ਕੀਤਾ ਗਿਆ ਸੀ। ਇਸ ਦਿਨ ਦੀ ਇੱਕ ਖਾਸ ਖਾਸੀਅਤ ਜਿਹੜੇ ਅਧਿਆਪਕ ਸੇਵਾਮੁਕਤੀ ਦੇ ਕੰਢੇ 'ਤੇ ਹਨ ਨੂੰ ਸਮਰਪਿਤ ਅਧਿਆਪਕਾਂ ਦੁਆਰਾ ਰਸਮੀ ਕੇਕ ਕੱਟਣਾ ਸੀ ਜਿਸ ਨਾਲ ਜਸ਼ਨ ਨੂੰ ਹੋਰ ਵੀ ਅਰਥਪੂਰਨ ਅਤੇ ਭਾਵਨਾਤਮਕ ਬਣਾਇਆ ਗਿਆ ।ਸਕੂਲ ਵਿਚ ਕਰਵਾਇਆ ਗਿਆ ਇਹ ਪ੍ਰੋਗਰਾਮ ਸ਼ੁਕਰਗੁਜ਼ਾਰੀ, ਜਸ਼ਨ ਅਤੇ ਏਕਤਾ ਦਾ ਇੱਕ ਸੁੰਦਰ ਮਿਸ਼ਰਣ ਸੀ, ਜੋ ਅਧਿਆਪਕਾਂ ਅਤੇ ਵਿਦਿਆਰਥੀਆਂ ਦੋਵਾਂ ਲਈ ਆਪਣੀਆਂ ਯਾਦਾਂ ਛੱਡ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਲਈ ਸੂਬਾ ਸਰਕਾਰ ਵੱਲੋਂ ਕੋਈ ਵਿਸ਼ੇਸ਼ ਸਹਾਇਤਾ ਨਾ ਐਲਾਨਣਾ ਮੰਦਭਾਗਾ-ਸਿੱਧੂ



ਤਲਵੰਡੀ ਸਾਬੋ, 07 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਮੌਜੂਦਾ ਸਮੇਂ ਭਿਆਨਕ ਹੜ੍ਹਾਂ ਦੀ ਮਾਰ ਝੱਲ ਰਿਹੈ ਤੇ ਇੰਨ੍ਹਾਂ ਹੜ੍ਹਾਂ ਕਾਰਨ ਸੂਬੇ ਦੀ ਕਿਸਾਨੀ ਦਾ ਵੱਡਾ ਵਿੱਤੀ ਨੁਕਸਾਨ ਹੋ ਜਾਣ ਦੇ ਬਾਵਜ਼ੂਦ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਲਈ ਕੋਈ ਵਿਸ਼ੇਸ ਸਹਾਇਤਾ ਨਾ ਐਲਾਨਣਾ ਮੰਦਭਾਗਾ ਵਰਤਾਰਾ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਦੌਰਾਨ ਕੀਤਾ। ਉਨਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੇ ਆਗੂ ਇਹ ਵਾਇਦੇ ਕਰਦੇ ਨਹੀ ਸਨ ਥੱਕਦੇ ਕਿ ਸਾਡੀ ਸਰਕਾਰ ਬਨਣ 'ਤੇ ਸੂਬੇ ਉੱਪਰ ਕੋਈ ਵਿਪਦਾ ਆਉਣ 'ਤੇ ਗਿਰਦਾਵਰੀਆਂ ਬਾਅਦ ਚ ਹੁੰਦੀਆਂ ਰਹਿਣਗੀਆਂ ਮੁਆਵਜ਼ਾ ਤੁਰੰਤ ਜਾਰੀ ਕਰ ਦਿਆ ਕਰਾਂਗੇ ਪਰ ਹੁਣ ਜਦ ਪੰਜਾਬ ਨੂੰ ਹੜ੍ਹਾਂ ਨੇ ਵੱਡਾ ਨੁਕਸਾਨ ਪਹੁੰਚਾਇਐ ਤਾਂ ਸੂਬਾ ਸਰਕਾਰ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਫੌਰੀ ਰਾਹਤ ਪਹੁੰਚਾਉਣ ਲਈ ਕੋਈ ਠੋਸ ਕਦਮ ਨਹੀ ਚੁੱਕਿਆ। ਪਿਛਲੇ ਸਮਿਆਂ ਚ ਵੀ ਮੁਰਗੀ ਮਰੀ ਤੱਕ ਦਾ ਮੁਆਵਜ਼ਾ ਦੇਣ ਦੀਆਂ ਗੱਲਾਂ ਕਰਨ ਵਾਲੀ ਸਰਕਾਰ ਦੇ ਆਗੂਆਂ ਨੇ ਹੁਣ ਹੜ੍ਹਾਂ ਕਾਰਣ ਵੱਡੀ ਪੱਧਰ 'ਤੇ ਪਸ਼ੂ ਡੰਗਰਾਂ ਦੇ ਹੋਏ ਨੁਕਸਾਨ ਬਾਰੇ ਪਸ਼ੂ ਪਾਲਕਾਂ ਨੂੰ ਰਾਹਤ ਪਹੁੰਚਾਉਣ ਸਬੰਧੀ ਕੋਈ ਬਿਆਨ ਤੱਕ ਜਾਰੀ ਨਹੀ ਕੀਤਾ। ਨੌਜਵਾਨ ਆਗੂ ਨੇ ਕਿਹਾ ਕਿ ਲੱਖਾਂ ਏਕੜ ਖੇਤਾਂ ਚ ਪਾਣੀ ਭਰ ਜਾਣ ਨਾਲ ਫਸਲਾਂ ਦਾ ਖਰਾਬਾ ਹੋਇਆ, ਘਰਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੋਇਆ ਪਰ ਸਰਕਾਰ ਨੇ ਅਜੇ ਤੱਕ ਹੜ੍ਹ ਪ੍ਰਭਾਵਿਤ ਲੋਕਾਂ ਲਈ ਕਿਸੇ ਵਿੱਤੀ ਸਹਾਇਤਾ ਦਾ ਐਲਾਨ ਨਹੀ ਕੀਤਾ ਜੋ ਮੰਦਭਾਗਾ ਵਰਤਾਰਾ ਹੈ। ਸਿੱਧੂ ਨੇ ਕੇਂਦਰ ਤੋਂ ਵੀ ਮੰਗ ਕੀਤੀ ਕਿ ਪੰਜਾਬ ਲਈ ਵਿਸ਼ੇਸ਼ ਰਾਹਤ ਪੈਕੇਜ ਐਲਾਨੇ। ਉਨਾਂ ਨਾਲ ਕਾਂਗਰਸੀ ਆਗੂ ਸੁਖਬੀਰ ਚੱਠਾ, ਮਨਜੀਤ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਬਹਾਦਰ ਸਿੰਘ ਸਾਬਕਾ ਸਰਪੰਚ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਗੁਲਾਬ ਸਿੰਘ ਕੈਲੇਵਾਂਦਰ, ਹਰਜਿੰਦਰ ਸਿੰਘ ਜਿੰਦਾ ਜੀਵਨ ਸਿੰਘ ਵਾਲਾ, ਹੈਪੀ ਬਹਿਮਣ, ਹਰਪਾਲ ਗਾਟਵਾਲੀ ਆਦਿ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਇਤਿਹਾਸਕ ਗੁਰਦੁਆਰਾ ਗੁਰੂਸਰ ਪੰਜੁਆਣਾ ਸਾਹਿਬ ਵਿਖੇ

# ਸੰਤ ਬਾਬਾ ਅਜਾਇਬ ਸਿੰਘ ਜੀ ਦੀ 37ਵੀਂ ਬਰਸੀ ਮਨਾਈ











## ਸੰਤਾਂ-ਮਹਾਪੁਰਸ਼ਾਂ, ਕੀਰਤਨੀ ਜੱਥਿਆਂ, ਅਤੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਕੀਤਾ ਸਿਜਦਾ ਭੇਟ

ਜਗਰਾਉਂ -(ਵਰਿਆਮ ਹਠੂਰ) ਸਾਹਿਬ -ਏ-ਕਮਾਲ ਸਰਬੰਸ ਦਾਨੀ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਿੰਡ ਲੰਮਾ-ਜੱਟਪੁਰਾ ਦੀ ਭਾਗਾਂ ਭਰੀ ਧਰਤੀ ਤੇ ਸਸ਼ੋਭਿਤ ਇਤਿਹਾਸਕ ਗੁਰਦੁਆਰਾ ਗੁਰੂਸਰ ਪੰਜੁਆਣਾ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਪੰਥ ਰਤਨ ਸ਼੍ਰੀ ਮਾਨ ਸੰਤ ਬਾਬਾ ਅਜਾਇਬ ਸਿੰਘ ਜੀ ਬੋਪਾਰਾਏ ਕਲਾਂ ਵਾਲਿਆਂ ਦੀ 37ਵੀਂ ਸਲਾਨਾ ਬਰਸੀ ਗੁਰੂ ਘਰ ਦੇ ਮੁੱਖ ਸੇਵਾਦਾਰ ਬਾਬਾ ਬਲਵੀਰ ਸਿੰਘ ਜੀ ਦੀ ਦੇਖ ਰੇਖ ਹੇਠ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਈ ਗਈ, 29 ਅਗਸਤ ਤੋਂ ਗੁਰੂ ਘਰ ਸ਼੍ਰੀ ਅਖੰਡ ਪਾਠ ਸਾਹਿਬ ਦੀਆਂ ਲੜੀਆਂ ਅਰੰਭ ਕੀਤੀਆਂ ਗਈਆਂ ਸਨ।ਤੇ ਰੋਜ਼ਾਨਾ ਲਗਾਤਾਰ ਕਥਾ ਕੀਰਤਨ ਵੀ ਹੁੰਦਾ ਰਿਹਾ ਤੇ ਸਮੂਹ ਗੁਰਸੰਗਤਾਂ ਰੋਜ਼ਾਨਾ ਆਪਣੀਆਂ ਹਾਜ਼ਰੀਆਂ ਭਰ ਕੇ ਗੁਰੂ ਦਾ ਜਸ ਸੁਣਦੀਆਂ ਰਹੀਆਂ, ਬਰਸੀ ਸਮਾਗਮ ਦੇ ਆਖ਼ਰੀ ਦਿਨ ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਵੱਖ ਵੱਖ ਸੰਤਾਂ ਮਹਾਪੁਰਸ਼ਾਂ, ਕਥਾ ਵਾਚਕਾਂ, ਅਤੇ ਕੀਰਤਨੀ ਜੱਥਿਆਂ ਨੇ ਆਪਣੀ ਹਾਜ਼ਰੀ ਭਰ ਕੇ ਇਕੱਤਰ ਸੰਗਤਾਂ ਨੂੰ ਨਿਹਾਲ ਕੀਤਾ, ਸਮਾਗਮ ਵਿੱਚ ਗਿਆਨੀ ਭੁਪਿੰਦਰ ਸਿੰਘ ਜੀ ਦਮਦਮੀ ਟਕਸਾਲ ਬੋਪਾਰਾਏ ਕਲਾਂ ਵਾਲਿਆਂ ਨੇ ਹੁਕਮਨਾਮਾ ਸਾਹਿਬ ਦੀ ਵਿਆਖਿਆ ਕੀਤੀ, ਤੇ ਉਪਰੰਤ ਗਿਆਨੀ ਸਤਨਾਮ ਸਿੰਘ ਜੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ (ਅੰਮ੍ਰਿਤਸਰ) ਗਿਆਨੀ ਕੁਲਵੰਤ ਸਿੰਘ ਜੀ (ਲੁਧਿਆਣੇ ਵਾਲੇ) ਭਾਈ ਧਨਜਿੰਦਰ ਸਿੰਘ ਜੀ ਖਾਲਸਾ, ਹਰਗੁਣਪ੍ਰੀਤ ਕੌਰ, ਰਾਗਰੀਤ ਕੌਰ ਗੁਰਮਤਿ ਸੰਗੀਤ ਅਕੈਡਮੀ ਮਾਣੂੰਕੇ, ਬੀਬੀ ਹਰਮੀਤ ਕੌਰ ਬੰਸਾ ਕਰਨਾਲ ਵਾਲੇ, ਸਮੇਤ ਹੋਰ ਵੀ ਕਈ ਕੀਰਤਨੀ ਜੱਥਿਆਂ ਨੇ ਸੁਰੀਲੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਗੁਰੂ ਘਰ ਦੇ ਮੁੱਖ ਸੇਵਾਦਾਰ ਬਾਬਾ ਬਲਵੀਰ ਸਿੰਘ ਜੀ ਨੇ ਸੰਤ ਬਾਬਾ ਅਜਾਇਬ ਸਿੰਘ ਜੀ ਬੋਪਾਰਾਏ ਕਲਾਂ ਵਾਲਿਆਂ ਦੀ ਜੀਵਨੀ ਬਾਰੇ ਸੰਗਤਾਂ ਨੂੰ ਚਾਨਣਾ ਪਾਇਆ ਤੇ ਉਨ੍ਹਾਂ ਦੁਆਰਾ ਕੀਤੀਆਂ ਬੇਅੰਤ ਸੇਵਾਵਾਂ ਦਾ ਵੀ ਜਿਕਰ ਕੀਤਾ, ਉਨ੍ਹਾਂ ਅੱਗੇ ਕਿਹਾ ਕਿ ਸਿੱਖ ਕੌਮ ਬਾਜਾਂ ਵਾਲੇ ਸ਼ਿਹਨਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਾਜੀ ਹੋਈ ਕੌਮ ਹੈ। ਜਿਸ ਦੀ ਨੀਂਹ ਕੁਰਬਾਨੀਆਂ ਨਾਲ ਉਸਾਰੀ ਗਈ ਹੈ। ਇਸ ਪਾਵਨ ਪਵਿੱਤਰ ਅਸਥਾਨ ਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ 21 ਦਿਨ ਰਹੇ, ਤੇ ਇੱਥੋਂ ਹੀ ਨੂਰੇ ਮਾਹੀ ਨੂੰ ਭੇਜ ਕੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜ਼ਰ ਕੌਰ ਦੀ ਸ਼ਹੀਦੀ ਦੀ ਖਬਰ ਮੰਗਵਾਈ ਤੇ ਕਾਹੀ ਦਾ ਬੂਟਾ ਪੁੱਟ ਕੇ ਜ਼ੁਲਮ ਰਾਜ ਦੀ ਜੜ੍ਹ ਪੁੱਟੀ, ਉਨ੍ਹਾਂ ਕਿਹਾ ਕਿ ਸਾਨੂੰ ਸਿੱਖ ਕੌਮ ਦੇ ਲਹੂ ਭਿੱਜੇ ਇਤਿਹਾਸ ਤੋਂ ਆਪਣੇ ਬੱਚਿਆਂ ਨੂੰ ਜਾਣੂੰ ਕਰਵਾਉਣਾ ਚਾਹੀਦਾ ਹੈ। ਤੇ ਨਾਲ ਨਾਲ ਬਾਣੀ ਅਤੇ ਬਾਣੇ ਦੇ ਧਾਰਨੀ ਬਣਨਾ ਚਾਹੀਦਾ ਹੈ। ਭੈਣਾਂ ਵੀ ਮਾਈ ਭਾਗੋ ਦੀਆਂ ਵਾਰਿਸਾਂ ਬਣਕੇ ਉੜੇ ਅਤੇ ਜੂੜੇ ਦੀ ਰਾਖੀ ਲਈ ਆਪਣਾ ਅਹਿਮ ਰੋਲ ਅਦਾ ਕਰਨ, ਅੰਤ ਵਿੱਚ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਹੜ੍ਹਾਂ ਦੀ ਲਪੇਟ ਵਿੱਚ ਹੈ। ਤੇ ਪੰਜਾਬ ਨੂੰ ਬਹੁਤ ਜ਼ਿਆਦਾ ਨੁਕਸਾਨ ਝੱਲਣਾ ਪਿਆ ਹੈ। ਇਸ ਲਈ ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਵਾਸਤੇ ਸਰਬੱਤ ਦੇ ਭਲੇ ਅਤੇ ਚੜ੍ਹਦੀ ਕਲਾ ਦੀ ਅਰਦਾਸ ਕਰਦੇ ਹਾਂ, ਇਸ ਮੌਕੇ ਉਨ੍ਹਾਂ ਸਮੂਹ ਕੀਰਤਨੀ ਜੱਥਿਆਂ ਅਤੇ ਸੰਤਾਂ ਮਹਾਪੁਰਸ਼ਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

# ਸ਼ਹੀਦੀ ਜਾਗਰਿਤੀ ਯਾਤਰਾ ਲਈ ਸੁਖਵਿੰਦਰ ਸਿੰਘ ਵੱਲੋਂ ਅਦੁੱਤੀ ਸ਼ਬਦ ਦੀ ਰਿਕਾਰਡਿੰਗ



ਨਵੀਂ ਦਿੱਲੀ, 7 ਸਤੰਬਰ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਅਤੇ ਬਿਹਾਰ ਸਰਕਾਰ ਦੇ ਸਾਂਝੇ ਯਤਨਾਂ ਰਾਹੀਂ ਗੁਰੂ ਤੇਗ. ਬਹਾਦੁਰ ਜੀ ਦੀ 350ਵੀਂ ਸ਼ਹੀਦੀ ਦਿਵਸ ਨੂੰ ਸਮਰਪਿਤ ਤੌਰ 'ਤੇ ਕੱਢੀ ਜਾਣ ਵਾਲੀ ਸ਼ਹੀਦੀ ਜਾਗਰਿਤੀ ਯਾਤਰਾ ਲਈ ਹਾਲ ਹੀ ਵਿੱਚ ਅੰਤਰਰਾਸ਼ਟਰੀ ਖਿਆਤੀ ਪ੍ਰਾਪਤ ਗਾਇਕ ਸੁਖਵਿੰਦਰ ਸਿੰਘ ਵੱਲੋਂ ਇੱਕ ਅਦੁੱਤੀ ਸ਼ਬਦ ਦੀ ਆਤਮਿਕ ਰਿਕਾਰਡਿੰਗ ਕੀਤੀ ਗਈ। ਇਸ ਰਿਕਾਰਡਿੰਗ ਵਿੱਚ ਭਾਰਤ ਭਰ ਤੋਂ ਆਏ ਪ੍ਰਸਿੱਧ ਵਾਦਕਾਂ ਨੇ ਹਿੱਸਾ ਲਿਆ ਅਤੇ ਆਪਣੇ ਸੰਗੀਤ ਰਾਹੀਂ ਇਸ ਪਵਿੱਤਰ ਪ੍ਰੋਜੈਕਟ ਵਿੱਚ ਯੋਗਦਾਨ ਪਾਇਆ। ਇਹ ਸਾਂਝ ਸੰਗੀਤ, ਭਗਤੀ ਅਤੇ ਪਰੰਪਰਾਵਾਂ ਦੀ ਏਕਤਾ ਨੂੰ ਦਰਸਾਉਂਦੀ ਹੈ, ਜਿਸਦਾ ਮਕਸਦ ਯਾਤਰਾ ਦੌਰਾਨ ਆਤਮਿਕ ਜਾਗਰਤਾ ਨੂੰ ਪ੍ਰੇਰਿਤ ਕਰਨਾ ਹੈ। ਗਾਇਕ ਸੁਖਵਿੰਦਰ ਸਿੰਘ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਭਾਗਸ਼ਾਲੀ ਸਮਝਦੇ ਹਨ ਕਿ ਇਸ ਪਵਿੱਤਰ ਮੌਕੇ ਲਈ ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਮੁੰਬਈ ਤੋਂ ਜਸਬੀਰ ਸਿੰਘ ਧਾਮ ਵੱਲੋਂ ਉਨ੍ਹਾਂ ਦੀ ਚੋਣ ਕੀਤੀ ਗਈ ਅਤੇ ਉਨ੍ਹਾਂ ਨੂੰ ਸ਼ਹੀਦੀ ਜਾਗਰਿਤੀ ਯਾਤਰਾ ਵਿੱਚ ਸ਼ਬਦ ਗਾਇਨ ਦਾ ਮੌਕਾ ਦਿੱਤਾ ਗਿਆ। ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਗਜੋਤ ਸਿੰਘ ਸੋਹੀ ਅਤੇ ਪੂਰੀ ਕਮੇਟੀ ਨੇ ਗਾਇਕ ਸੁਖਵਿੰਦਰ ਸਿੰਘ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਉਨ੍ਹਾਂ ਦੇ ਸੱਦੇ ਨੂੰ ਸਵੀਕਾਰ ਕਰਦਿਆਂ ਸ਼ਬਦ ਗਾਇਨ ਦੀ ਸਹਿਮਤੀ ਦਿੱਤੀ ਅਤੇ ਰਿਕਾਰਡਿੰਗ ਕੀਤੀ। ਸ. ਸੋਹੀ ਨੇ ਦੱਸਿਆ ਕਿ ਸ਼ਹੀਦੀ ਜਾਗਰਿਤੀ ਯਾਤਰਾ 17 ਸਤੰਬਰ ਨੂੰ ਤਖ਼ਤ ਪਟਨਾ ਸਾਹਿਬ ਦੇ ਗੁਰੂ ਕਾ ਬਾਗ ਗੁਰਦੁਆਰਾ ਸਾਹਿਬ ਤੋਂ ਆਰੰਭ ਹੋਵੇਗੀ ਅਤੇ 9 ਰਾਜਾਂ ਦਾ ਦੌਰਾ ਕਰਦਿਆਂ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਸਮਾਪਤ ਹੋਏਗੀ।

# ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਲੋੜਵੰਦ ਹੜ੍ਹ ਪੀੜਤਾਂ ਲਈ ਰਾਸ਼ਨ ਦੀ ਖੁਦ ਕੀਤੀ ਪੈਕਿੰਗ

## ਹਲਕਾ ਦਿੜ੍ਹਬਾ ਦੇ ਵਲੰਟੀਅਰਾਂ ਵੱਲੋਂ ਤਿਆਰ ਕੀਤੀ ਗਈ ਹੈ ਰਾਹਤ ਸਮੱਗਰੀ

**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਵਿੱਤ ਮੰਤਰੀ, ਪੰਜਾਬ, ਸ. ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਆਪਣੇ ਦਫਤਰ ਵਿਖੇ ਲੋੜਵੰਦ ਹੜ੍ਹ ਪੀੜਤ ਪਰਿਵਾਰਾਂ ਲਈ ਵੰਡੇ ਜਾ ਰਹੇ ਰੋਜ਼ਾਨਾ ਦੀਆਂ ਜ਼ਰੂਰਤਾਂ ਦੇ ਸਮਾਨ ਦੀ ਪੈਕਿੰਗ ਖੁਦ ਕੀਤੀ। ਇਹ ਰਾਹਤ ਸਮੱਗਰੀ ਆਮ ਆਦਮੀ ਪਾਰਟੀ ਦੇ ਵਲੰਟੀਅਰਾਂ, ਵੱਖੋ-ਵੱਖ ਚੇਅਰਮੈਨਾਂ, ਪੰਚਾਂ-ਸਰਪੰਚਾਂ ਅਤੇ ਹੋਰ ਅਹੁਦੇਦਾਰਾਂ ਦੀ ਮਦਦ ਨਾਲ ਹਲਕਾ ਦਿੜ੍ਹਬਾ ਅੰਦਰੋਂ ਹੜ੍ਹ ਪੀੜਤਾਂ ਦੀ ਮਦਦ ਲਈ ਇਕੱਤਰ ਕੀਤੀ ਗਈ ਹੈ।



ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਹ ਸਾਰਾ ਸਮਾਨ ਕਿਸੇ ਸਰਕਾਰੀ ਜਾਂ ਗੈਰ ਸਰਕਾਰੀ ਫੰਡ ਤਹਿਤ ਤਿਆਰ ਨਹੀਂ ਕੀਤਾ ਗਿਆ, ਸਗੋਂ ਇਹ ਸਾਰਾ ਸਮਾਨ ਹਲਕਾ ਦਿੜ੍ਹਬਾ ਦੇ ਵਲੰਟੀਅਰਾਂ ਵੱਲੋਂ ਆਪਣੀਆਂ ਜੇਬਾਂ ਵਿੱਚੋਂ ਪੈਸੇ ਖਰਚ ਕੇ ਤਿਆਰ ਕੀਤਾ ਗਿਆ ਹੈ। ਹਰ ਇੱਕ ਪੈਕਿੰਗ ਵਿੱਚ ਰੋਜ਼ ਵਰਤੋਂ ਦੀਆਂ ਚੀਜ਼ਾਂ, ਜਿਵੇਂਕਿ ਚੀਨੀ, ਦਾਲ, ਚਾਹ ਪੱਤੀ, ਸੁੱਕੇ ਦੁੱਧ ਦੇ ਪੈਕਟ ਅਤੇ ਹੋਰ ਸਮਾਨ ਸ਼ਾਮਲ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਇੰਨੇ ਖੁਲਦਿਲ ਹਨ ਕਿ ਉਹ ਆਪ ਮੁਹਾਰੇ ਰਾਸ਼ਨ ਇਕੱਠਾ ਕਰਦੇ ਹਨ ਅਤੇ ਲੋੜਵੰਦਾਂ ਨੂੰ ਵੰਡਦੇ ਹਨ। ਅੱਜ ਪੰਜਾਬ ਦੇ ਲੋਕਾਂ 'ਤੇ ਇੱਕ ਵੱਡੀ ਮੁਸੀਬਤ ਆਈ ਹੈ, ਪਰ ਉਹ ਇਸ ਮੁਸੀਬਤ ਵਿੱਚ ਵੀ ਮੱਥੇ ਵੱਟ ਪਾਏ ਬਿਨਾਂ ਇੱਕ ਦੂਜੇ ਦੀ ਮਦਦ ਕਰ ਰਹੇ ਹਨ। ਸ. ਚੀਮਾ ਨੇ ਕਿਹਾ ਕਿ ਉਹ ਅਤੇ ਉਹਨਾਂ ਦੀ ਪਾਰਟੀ ਸਦਾ ਹੀ ਲੋੜਵੰਦਾਂ ਦੀ ਮਦਦ ਕਰਨ ਲਈ ਤਿਆਰ ਬਰ ਤਿਆਰ ਹੈ। ਉਹਨਾਂ ਕਿਹਾ ਕਿ ਫਿਲਹਾਲ ਹੜ੍ਹਾਂ ਦੀ ਸਥਿਤੀ ਕਾਬੂ ਹੇਠ ਹੈ। ਬੇਸ਼ੱਕ ਘੱਗਰ ਵਿੱਚ ਪਾਣੀ ਖਤਰੇ ਦੇ ਨਿਸ਼ਾਨ ਤੋਂ ਦੋ ਫੁੱਟ ਤੋਂ ਜ਼ਿਆਦਾ ਉੱਤੇ ਵਗ ਰਿਹਾ ਹੈ, ਪਰ ਫਿਰ ਵੀ ਸਰਕਾਰ ਅਤੇ ਆਮ ਲੋਕ ਇਸ ਦੇ ਟਾਕਰੇ ਲਈ ਡਟੇ ਹੋਏ ਹਨ। ਜੇਕਰ ਇੱਕ ਦੋ ਦਿਨ ਹੋਰ ਬਾਰਿਸ਼ ਨਹੀਂ ਹੁੰਦੀ ਤਾਂ ਹੜ੍ਹਾਂ ਦੇ ਖਤਰੇ ਤੋਂ ਰਾਹਤ ਮਿਲ ਸਕਦੀ ਹੈ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਘੱਗਰ ਉੱਤੇ ਪੂਰੀ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ਕਿਸੇ ਨੂੰ ਕੋਈ ਘਬਰਾਉਣ ਦੀ ਲੋੜ ਨਹੀਂ ਪਰ ਅਫਵਾਹਾਂ ਤੋਂ ਬਚ ਕੇ ਰਹਿਣ ਦੀ ਲੋੜ ਹੈ। ਇਸ ਮੌਕੇ ਓ.ਐਸ.ਡੀ. ਤਪਿੰਦਰ ਸਿੰਘ ਸੋਹੀ, ਚੇਅਰਪਰਸਨ ਮਾਰਕੀਟ ਕਮੇਟੀ ਦਿੜ੍ਹਬਾ ਜਸਵੀਰ ਕੌਰ ਸ਼ੇਰਗਿੱਲ, ਸਰਪੰਚ ਰਵਿੰਦਰ ਸਿੰਘ ਮਾਨ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਨਿਰਭੈ ਸਿੰਘ ਝਿੰਜਰ ਖਨਾਲ ਕਲਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ

# ਹੜ੍ਹ-ਪੀੜਤਾਂ ਲਈ ਦਮਦਮੀ ਟਕਸਾਲ ਆਈ ਅੱਗੇ

**ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਦੇ ਸਿੰਘਾਂ ਨੇ ਆਪਣੀਆਂ ਕੀਮਤੀ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਡੂੰਘੇ ਪਾਣੀਆਂ ਵਿੱਚ ਜਾਕੇ ਪਿੰਡ-ਪਿੰਡ ਪਹੁੰਚ ਕੀਤੀ**
























**ਚੌਕ ਮਹਿਤਾ, 7 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )-** ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਕੁਦਰਤੀ ਆਈ ਆਫਤ ਹੜ ਪੀੜਤਾਂ ਲਈ ਮੋਟਰ, ਗੱਡੀਆਂ, ਟਰਾਲੀਆਂ,ਆਦਿ ਖਾਣ ਪੀਣ,ਦੀਆਂ ਵਸਤੂਆਂ ਜਿਵੇਂ ਕਿ ਦੁੱਧ, ਪਾਣੀ, ਬਰੈਡ, ਲੰਗਰ, ਤਰਪਾਲਾ,ਅਤੇ ਮਨੁੱਖਾਂ ਲਈ ਮੈਡੀਸਨ ਅਤੇ ਪਸੂਆ ਲਈ ਤੂੜੀ, ਆਚਾਰ, ਹਰਿਆ ਦੀਆਂ ਟਰਾਲੀਆਂ ਭਰਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਦਮਦਮੀ ਟਕਸਾਲ ਜਥਾ ਭਿੰਡਰਾਂ ਚੌਕ ਮਹਿਤਾ ਆਰੰਭ ਕੀਤੀਆਂ ਗਈਆਂ।ਨਾਲ ਐਬੂਲੈਂਸ ਤੇ ਮਾਹਰ ਡਾਕਟਰਾਂ ਦੀਆਂ ਟੀਮਾ ਮੁਫ਼ਤ ਮੈਡੀਸਨ ਲੈਕੇ ਰਵਾਨਾ ਹੋਈਆਂ ਇਸ ਮੌਕੇ ਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਕਿਸੇ ਵੀ ਵਸਤੂਆਂ ਰਸਤਾਂ ਦੀ ਘਾਟ ਨਹੀਂ ਆਉਣੀ ਚਾਹੀਦੀ। ਹਰ ਪ੍ਰਕਾਰ ਦੀ ਹੜ ਪੀੜਤਾਂ ਦੀ ਮੱਦਦ ਤਨ ਮਨ ਧੰਨ ਨਾਲ ਕੀਤੀ ਜਾਵੇ। ਦਮਦਮੀ ਟਕਸਾਲ ਦੇ ਸਿੰਘਾਂ ਨੇ ਆਪਣੀਆਂ ਕੀਮਤੀ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਡੂੰਘੇ ਪਾਣੀਆਂ ਵਿੱਚ ਜਾਕੇ ਹਰ ਪ੍ਰਕਾਰ ਦੀਆਂ ਵਸਤੂਆਂ, ਰਸਤਾਂ ਅਤੇ ਦੀਵਾਈਆ ਦੀ ਪਾਉਚ ਕਰ ਰਹੇ ਹਨ। ਇਸ ਮੌਕੇ ਤੇ ਤਰਨਾ ਦੱਲ ਮਹਿਤਾ ਦੇ ਮੁੱਖੀ ਬਾਬਾ ਅਜੀਤ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ,ਸਾਬਕਾ ਚੇਅਰਮੈਨ ਸਰਪੰਚ ਕਸਮੀਰ ਸਿੰਘ ਕਾਲਾ, ਗਿਆਨੀ ਸਾਹਿਬ ਸਿੰਘ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਪਰਫੋਸਰ ਗਿਆਨੀ ਜੋਬਨਜੀਤ ਸਿੰਘ, ਆਦਿ ਸੇਵਾਦਾਰ ਹਾਜਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ . . .




# ਜੇਕਰ ਦੁੱਧ ਉਤਪਾਦਨ ਵਿੱਚ ਸੁਧਾਰ ਹੁੰਦਾ ਹੈ, ਤਾਂ ਇਹ ਬਹੁਤ ਸਾਰੇ ਲੋਕਾਂ ਦੇ ਪੇਟ ਭਰ ਸਕਦਾ ਹੈ: ਨੀਤੀ ਤਲਵਾੜ

### ਭਾਰਤ ਗੌਰਵ ਨੇ ਦੁੱਧ ਦੇਣ ਵਾਲੇ ਪਸ਼ੂਆਂ ਨੂੰ ਪੌਸ਼ਟਿਕ ਭੋਜਨ ਵੰਡਿਆ

ਹੁਸ਼ਿਆਰਪੁਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਖੇਤੀਬਾੜੀ ਪ੍ਰਧਾਨ ਰਾਜ ਪੰਜਾਬ ਵਿੱਚ ਮੀਂਹ ਕਾਰਨ ਅਨਾਜ ਦੇ ਨਾਲ-ਨਾਲ ਪਸ਼ੂਆਂ ਦੇ ਚਾਰੇ ਦੀ ਵੀ ਘਾਟ ਹੈ, ਜਿਸ ਕਾਰਨ ਦੁੱਧ ਉਤਪਾਦਨ ਵਿੱਚ ਕਮੀ ਆਈ ਹੈ। ਉਪਰੋਕਤ ਸ਼ਬਦ ਸੰਗਠਨ ਦੀ ਮਹਿਲਾ ਸੂਬਾ ਪ੍ਰਧਾਨ ਭਾਰਤ ਗੌਰਵ ਅਤੇ ਸਾਬਕਾ ਕੌਂਸਲਰ ਨੀਤੀ ਤਲਵਾੜ ਨੇ ਦੁੱਧ ਦੇਣ ਵਾਲੇ ਪਸ਼ੂਆਂ ਲਈ ਚਾਰਾ ਵੰਡਦੇ ਹੋਏ ਕਹੇ। ਨੀਤੀ ਤਲਵਾੜ ਨੇ ਕਿਹਾ ਕਿ ਭਾਰਤ ਗੌਰਵ ਦੇ ਸੰਸਥਾਪਕ ਵਿਜੇ ਸਾਂਪਲਾ ਜੀ ਨੇ ਫੈਸਲਾ ਕੀਤਾ ਹੈ ਕਿ ਅਨਾਜ ਖਰਾਬ ਹੋਣ ਕਾਰਨ ਇਸ ਘਾਟ ਨੂੰ ਪੂਰਾ ਕਰਨ ਵਿੱਚ ਸਮਾਂ ਲੱਗੇਗਾ, ਪਰ ਜੇਕਰ ਦੁੱਧ ਉਤਪਾਦਨ ਵਿੱਚ ਸੁਧਾਰ ਹੁੰਦਾ ਹੈ, ਤਾਂ ਇਹ ਬਹੁਤ ਸਾਰੇ ਲੋਕਾਂ ਦੇ ਪੇਟ ਭਰ ਸਕਦਾ ਹੈ, ਇਸ ਲਈ ਸ਼੍ਰੀ ਸਾਂਪਲਾ ਦੀ ਅਗਵਾਈ ਹੇਠ ਅੱਜ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਦੁੱਧ ਦੇਣ ਵਾਲੇ ਪਸ਼ੂਆਂ ਲਈ ਪੌਸ਼ਟਿਕ ਭੋਜਨ ਭੇਜਿਆ ਜਾ ਰਿਹਾ ਹੈ। ਨੀਤੀ ਤਲਵਾੜ ਨੇ ਕਿਹਾ ਕਿ ਸਬਰ ਨਾਲ ਅਸੀਂ ਜਲਦੀ ਹੀ ਇਸ ਮੁਸ਼ਕਲ ਸਮੇਂ ਵਿੱਚੋਂ ਬਾਹਰ ਆਵਾਂਗੇ। ਇਸ ਮੌਕੇ ਸੋਨੀ ਸੰਘਾ, ਭੁਪਿੰਦਰ ਸਿੰਘ, ਸੁਖਦੇਵ ਸਿੰਘ, ਜਸਵਿੰਦਰ ਸਿੰਘ, ਸੰਜੀਵ ਥਾਪਰ, ਵਰੁਣ ਸੈਣੀ, ਕ੍ਰਿਸ਼ਨ ਥਾਪਰ, ਪ੍ਰਿਆ ਅਸ਼ੀਸ਼ ਕੁਮਾਰ, ਮਨਵੀਰ ਤਲਵਾੜ ਆਦਿ ਹਾਜ਼ਰ ਸਨ।

# ਲਗਾਤਾਰ ਮੀਂਹ ਪੈਣ ਕਾਰਨ ਘਰ ਦੀਆਂ ਕੰਧਾਂ 'ਚ ਆਈਆਂ ਤਰੇੜਾਂ, ਵੱਡੇ ਨੁਕਸਾਨ ਹੋਣ ਦਾ ਖਦਸਾ



ਧਨੌਲਾ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਪਿਛਲੇ ਦਿਨ੍ਹਾਂ ਤੋਂ ਲਗਾਤਾਰ ਪੈ ਰਹੇ ਮੀਂਹ ਕਾਰਨ ਗੁਰਸੇਵਕ ਨਗਰ ਵਿੱਚ ਇੱਕ ਪਰਿਵਾਰ ਦੇ ਮਕਾਨ ਦੀ ਕੰਧਾਂ ਵਿੱਚ ਤਰੇੜਾ ਆਉਣ ਕਾਰਨ ਕਾਫੀ ਨੁਕਸਾਨ ਦਾ ਖਦਸਾ ਹੈ। ਇਸ ਸਬੰਧੀ ਮਕਾਨ ਮਾਲਕ ਪਿਆਰਾ ਸਿੰਘ ਪੁੱਤਰ ਕਪੂਰ ਸਿੰਘ ਵਾਸੀ ਗੁਰਸੇਵਕ ਨਗਰ ਬਰਨਾਲਾ ਨੇ ਦੱਸਿਆ ਕਿ ਪਿਛਲੇ ਦਿਨੀਂ ਲਗਾਤਾਰ ਪਏ ਤੇਜ਼ ਮੀਂਹ ਕਾਰਨ ਘਰ ਦੀਆਂ ਛੱਤਾਂ ਲਗਾਤਾਰ ਚਿਓ ਰਹੀਆਂ ਸਨ, ਜਿਸ ਕਾਰਨ ਜਿੱਥੇ ਕੰਧਾਂ ਵਿੱਚ ਵੱਡੀਆਂ ਤਰੇੜਾਂ ਆਉਣ ਕਾਰਨ ਛੱਤ ਨੂੰ ਨੁਕਸਾਨ ਪਹੁੰਚਣ ਦਾ ਖਤਰਾ ਬਣਿਆ ਹੋਇਆ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੀਂਹ ਕਾਰਨ ਆਮ ਲੋਕਾਂ ਦੇ ਘਰਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈ ਕੇ ਉਨਾਂ ਦੀ ਬਣਦੀ ਆਰਥਿਕ ਮੱਦਦ ਕੀਤੀ ਜਾਵੇ ਤਾਂ ਜੋ ਕੰਧ ਨੂੰ ਦੁਬਾਰਾ ਕੱਢਿਆ ਜਾ ਸਕੇ । ਇਸ ਤੋਂ ਇਲਾਵਾ ਗੁਰਸੇਵਕ ਨਗਰ ਵਿਖੇ ਇੱਕ ਹੋਰ ਟਾਇਲ ਤੇ ਬਾਲਿਆ ਦੀ ਸੱਤ ਵਾਲਾ ਕਮਰਾ ਡਿੱਗਣ ਕਿਨਾਰੇ ਹੈ, ਇਸ ਸਬੰਧੀ ਜਾਣਕਾਰੀ ਦਿੰਦਿਆ ਮਕਾਨ ਮਾਲਕ ਸੁਖਦੇਵ ਸਿੰਘ ਪੁੱਤਰ ਸਵ: ਦਰਸ਼ਨ ਸਿੰਘ ਨੇ ਦੱਸਿਆ ਕਿ ਉਸ ਦੇ ਕਮਰੇ ਦੀ ਛੱਤ ਟਾਇਲ ਬਾਲਿਆ ਦੀ ਹੈ ਜੋ ਪਿਛਲੇ ਕਾਫੀ ਦਿਨਾਂ ਤੋਂ ਮੀਂਹ ਕਾਰਨ ਛੱਤ ਤੋਂ ਪੂਰਾ ਚੋਂ ਰਿਹਾ ਹੈ ਅਤੇ ਬਾਲੇ ਗਿੱਲੇ ਹੋ ਗਏ ਹਨ, ਜਿਸ ਕਾਰਨ ਛੱਤ ਡਿੱਗਣ ਨਾਲ ਜਾਨੀ ਮਾਲੀ ਨੁਕਸਾਨ ਹੋ ਸਕਦਾ ਹੈ। ਜਿਸ ਕਾਰਨ ਉਹ ਛੱਤ ਡਿੱਗਣ ਦੇ ਡਰੋਂ ਆਪਣੇ ਛੋਟੇ ਬੱਚਿਆਂ ਸਮੇਤ ਆਪਣੀ ਮਾਂ ਵਾਲੇ ਕਮਰੇ ਵਿੱਚ ਰਹਿ ਰਿਹਾ ਹੈ ।

# ਹੜ੍ਹ ਪੀੜਤਾਂ ਦੀ ਮੱਦਦ ਲਈ ਸੇਖੋਂ ਪਰਿਵਾਰ ਵੱਲੋਂ ਭੇਜੇ ਗਏ ਕੱਪੜੇ

ਧਨੌਲਾ, 7 ਸਤੰਬਰ ( (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦੇ ਤਬਾਹ ਹੋਏ ਘਰਾਂ ਅਤੇ ਫਸਲਾਂ ਦੇ ਨੁਕਸਾਨ ਦੇ ਚੱਲਦੇ ਸਥਾਨਕ ਫਰਵਾਹੀ ਰੋਡ ਉਪਰ ਸੇਖੋਂ ਪਰਿਵਾਰ ਇਨ੍ਹਾਂ ਦੀ ਮਦਦ ਲਈ ਅੱਗੇ ਆਇਆ ਹੈ, ਜਿੰਨ੍ਹਾਂ ਵੱਲੋਂ ਲੋੜੀਂਦਾ ਸਮਾਨ ਹੜ੍ਹ ਪੀੜਤ ਇਲਾਕਿਆ ਵਿੱਚ ਭੇਜਿਆ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਸਮਾਜ ਸੇਵੀ ਸਮਸ਼ੇਰ ਸਿੰਘ ਸੇਖੋਂ ਨੇ ਦੱਸਿਆ ਕਿ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਲੋਕਾਂ ਦੀ ਜਿੰਦਗੀ ਲੀਹ ਤੋਂ ਲੱਥ ਚੁੱਕੀ ਹੈ ਅਤੇ ਘਰਾਂ ਵਿੱਚ ਪਾਣੀ ਭਰਨ ਕਾਰਨ ਲੋਕਾਂ ਦੇ ਘਰ ਡਿੱਗ ਚੁੱਕੇ ਅਤੇ ਲੋਕ ਖੁੱਲੇ ਆਸਮਾਨ ਵਿੱਚ ਗੁਜ਼ਾਰਾ ਕਰਨ ਲਈ ਮਜ਼ਬੂਰ ਹਨ। ਇਨ੍ਹਾਂ ਲੋਕਾਂ ਦੀ ਮੱਦਦ ਲਈ ਸੇਖੋਂ ਪਰਿਵਾਰ ਵੱਲੋਂ ਬੈੱਡ ਸੀਟਾਂ, ਕੰਬਲ, ਸਿਰਹਾਣੇ, ਚਾਦਰਾਂ ਅਤੇ ਲੋੜੀਂਦੇ ਕੱਪੜੇ ਭੇਜੇ ਹਨ। ਉਨ੍ਹਾਂ ਦੱਸਿਆ ਕਿ ਸ਼ਿਹਣਾ ਵਿੱਚੋਂ ਇੱਕ ਟਰੱਕ ਹੜ੍ਹ ਪੀੜਤਾਂ ਦੀ ਮਦਦ ਲਈ ਜਾ ਰਿਹਾ ਹੈ, ਜਿੱਥੇ ਉਨ੍ਹਾਂ ਨੇ ਇਹ ਲੋੜੀਂਦਾ ਸਮਾਨ ਪਹੁੰਚਦਾ ਕੀਤਾ ਹੈ। ਉਨ੍ਹਾਂ ਦੇ ਨਾਲ ਨਾਲ ਹੋਰ ਸਮਾਜ ਸੇਵੀ ਵੀ ਜੁੜੇ ਹੋਏ ਹਨ ਜੋ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਏ ਅਤੇ ਉਹ ਭਵਿੱਖ ਵਿੱਚ ਵੀ ਹੜ੍ਹ ਪੀੜਤਾਂ ਦੀ ਮੱਦਦ ਲਈ ਲੋੜੀਂਦਾ ਸਮਾਨ ਭੇਜਦੇ ਰਹਿਣਗੇ। ਉਹਨਾਂ ਹੋਰਨਾਂ ਸਮਾਜ ਸੇਵੀ ਸੰਸਥਾਵਾ, ਕਲੱਬਾਂ ਨੂੰ ਬੇਨਤੀ ਕੀਤੀ ਕਿ ਉਹ ਇਸ ਮੁਸ਼ਿਕਲ ਦੀ ਘੜੀ ਵਿੱਚ ਆਮ ਲੋਕ ਵੀ ਆਪਣਾ ਦਸਵੰਦ ਕੱਢ ਕੇ ਹੜ੍ਹ ਪੀੜਤ ਲੋਕਾਂ ਦੀ ਮਦਦ ਵਿੱਚ ਆਪਣਾ ਯੋਗਦਾਨ ਪਾਉਣ।



# ਡੇਰਾ ਬਾਬਾ ਨਾਨਕ ਦੇ ਪਿੰਡਾਂ 'ਚ ਹੜ੍ਹ ਪੀੜਤ ਪ੍ਰੀਵਾਰਾਂ ਨੂੰ ਤਰਪਾਲਾਂ, ਮੱਛਰ ਦਾਨੀਆਂ, ਦਵਾਈਆਂ ਆਦਿ ਲੋੜਵੰਦ ਵਸਤਾਂ ਵੰਡੀਆਂ ਗਈਆਂ: ਰਣਜੀਤ ਸਿੰਘ ਭੋਮਾ



ਜੰਡਿਆਲਾ ਗੁਰੂ , 7 ਸਤੰਬਰ ( ਕੁਲਵੰਤ ਸਿੰਘ ਵਿਰਦੀ)- ਬੀਤੇ ਦਿਨ ਇਕਬਾਲ ਸਿੰਘ ਬੰਬੇ ਸਮੂਹ ਸੰਗਤਾਂ ਤੇ ਦੇਸ ਵਿਦੇਸ ਦਾਨੀਆਂ ਵੱਲੋਂ ਹੜ ਪੀੜਤ ਪਰਿਵਾਰਾਂ ਲਈ 3000 ਤਰਪਾਲਾ 3000 ਮੱਛਰ ਦਾਨੀਆਂ ਆਦਿ ਦਵਾਈਆਂ ਪੀੜਤ ਪਰਿਵਾਰਾਂ ਨੂੰ ਵੰਡੀਆਂ ਗਈਆਂ ਸੰਗਤਾਂ ਨੂੰ ਅਪੀਲ ਕੀਤੀ ਗਈ ਕਿ ਸਹਾਇਤਾ ਤੇ ਰੋਕ ਲਗਾਕੇ ਨੁਕਸਾਨ ਹੋਈਆਂ ਫ਼ਸਲਾਂ ਤੇ ਮਕਾਨਾਂ ਆਦਿ ਦੀ ਸਨਾਖ਼ਤ ਕਰਕੇ ਖੁਦ ਉਨ੍ਹਾਂ ਦੇ ਬੈਕ ਖਾਤਿਆਂ ਵਿੱਚ ਮਾਇਆ ਪਾਈ ਜਾਵੇ ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆ ਹੋਇਆ ਸਮਾਜ ਸੁਧਾਰ ਸੰਸਥਾ ਪੰਜਾਬ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਬੀਤੇ ਦਿਨ ਸਾਥੀਆਂ ਸਮੇਤ ਹੜ ਪੀੜਤਾਂ ਪਰਿਵਾਰਾਂ ਨੂੰ ਡੇਰਾ ਬਾਬਾ ਨਾਨਕ ਰਾਮਦਾਸ ਅਜਨਾਲਾ ਕਲਾਨੌਰ ਵਿਖੇ ਸੈਕੜੇ ਪਰਿਵਾਰਾਂ ਨੂੰ ਜੋ ਪਿੰਡਾਂ ਤੋ ਵੱਖ ਵੱਖ ਡੇਰਿਆਂ ਵਿੱਚ 5 ਫੁੱਟ ਪਾਣੀ ਵਿੱਚ ਘਿਰੇ ਹੋਏ ਹਨ ਤੇ ਜਿੰਨਾ ਦੀ ਬਿਜਲੀ ਘਰਾਂ ਦੀ ਇੱਕ ਹਫਤੇ ਤੋਂ ਬੰਦ ਤੇ ਇਨਵਰਟਰ ਵੀ ਬਿਲਕੁਲ ਬੰਦ ਹੈ ਹਨੇਰੇ ਵਿੱਚ ਲੋਕ ਰਹਿ ਰਹੇ ਹਨ ਉਨ੍ਹਾਂ ਲੋਕਾਂ ਦਾ ਸਾਰਾ ਸਮਾਨ ਬੈਡ ਅਲਮਾਰੀਆਂ ਮੋਟਰਸਾਇਕਲ ਕਾਰਾ ਟਰੈਕਟਰ ਟਰਾਲੀਆਂ ਸਾਈਕਲਾਂ ਬਿਜਲੀ ਦਾ ਇਨਵਰਟਰ ਤੇ ਮੋਟਰਾਂ ਬਿਜਲੀ ਤੇ ਫਰਿੱਜਾਂ ਕਪੜੇ ਧੋਣ ਵਾਲੀ ਮਸੀਨਾਂ ਤੇ ਰਜਾਈਆਂ ਤਲਾਈਆ ਕੱਪੜੇ ਤੇ ਮਾਲ ਡੰਗਰਾਂ ਦਾ ਸੁੱਕਾ ਚਾਰਾ ਹਰਾ ਚਾਰਾ ਤੇ 1000 ਏਕੜ ਜਮੀਨਾਂ ਦੀਆਂ ਸਾਰੀਆਂ ਫ਼ਸਲਾਂ ਤੇ ਮਕਾਨ ਕੋਠੀਆਂ ਆਦਿ ਬਰਬਾਦ ਹੋ ਗਈਆਂ ਹਨ ਤੇ ਸਾਰਾ ਪਰਿਵਾਰ ਆਪਣਾ ਕਮਰਿਆਂ ਰਿਹਾਇਸ਼ ਦੇ ਉੱਪਰ ਬਹੁਤ ਹੀ ਦੁੱਖਦਾਈ ਸਮਾ ਬਿਜਲੀ ਬੰਦ ਹਨੇਰੇ ਵਿੱਚ ਸਖਤ ਗਰਮੀ ਵਿੱਚ ਤੇ ਵੱਡੇ ਪੱਧਰ ਤੇ ਮੱਛਰਾਂ ਤੇ ਮੱਖੀਆਂ ਹੋਣ ਕਰਕੇ ਮਾੜਾ ਸਮਾਂ ਪੰਜ ਫੁੱਟ ਪਾਣੀ ਵਿੱਚ ਪਰਿਵਾਰ ਕੱਟ ਰਿਹਾ ਹੈ ਉਨ੍ਹਾਂ ਸਾਰਿਆਂ ਹੜ ਪੀੜਤਾਂ ਪਰਿਵਾਰਾਂ ਨੂੰ ਮੱਛਰਾਂ ਦਾਨੀਆਂ 1000 ਤੇ ਵੱਡੀਆਂ ਤਰਪਾਲਾ ਵਾਟਰ ਪਰੂਫ 1000 ਦੇ ਕਰੀਬ ਤੇ ਦਵਾਈਆਂ ਮੱਛਰਾਂ ਕਿੱਟਾਂ ਆਦਿ ਵੱਖ ਵੱਖ ਸੈਕੜੇ ਪਰਿਵਾਰਾਂ ਵਿੱਚ ਵੰਡੀਆਂ ਗਈਆਂ ਰਣਜੀਤ ਸਿੰਘ ਭੋਮਾ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਡੇਰਾ ਬਾਬਾ ਨਾਨਕ ਰਾਮਦਾਸ ਅਜਨਾਲਾ ਵਿਖੇ 1000 ਏਕੜ ਜਮੀਨਾਂ ਦੀਆਂ ਸਾਰੀਆਂ ਫ਼ਸਲਾਂ ਤੇ ਕੋਠੀਆਂ ਮਕਾਨ ਲੱਖਾਂ ਰੁਪਏ ਵਿੱਚ ਜੋ ਬਣੇ ਸਨ ਪਾਣੀ ਆਉਣ ਨਾਲ ਗਲ ਚੁੱਕੇ ਹਨ ਤੇ ਕਰੋੜਾਂ ਰੁਪਏ ਜਾਇਦਾਦ ਤਬਾਹ ਹੋ ਚੁੱਕੀ ਹੈ ਪਿੰਡਾਂ ਵਿੱਚ ਸੁੱਕਾ ਰਾਸਨ ਬਹੁਤ ਹੀ ਵੱਡੇ ਪੱਧਰ ਤੇ ਜਮ੍ਹਾਂ ਹੋ ਚੁੱਕਾ ਹੈ ਤੇ ਦਾਨੀਆਂ ਸੰਗਤਾਂ ਹੜ ਪੀੜਤ ਦੀ ਸਹਾਇਤਾ ਥੋੜਾ ਸਮੇਂ ਲਈ ਰੋਕ ਲਗਾਈ ਜਾਵੇ ਭੋਮਾ ਨੇ ਕਿਹਾ ਕਿ ਹੜ ਪੀੜਤ ਪਿੰਡਾਂ ਵਿੱਚ ਸਮਾਜ ਸੁਧਾਰ ਸੰਸਥਾ ਪੰਜਾਬ ਦੀਆਂ ਟੀਮਾਂ ਸਮੇਤ ਪਿੰਡਾਂ ਵਿੱਚ ਹੋਏ ਨੁਕਸਾਨ ਦੀਆਂ ਲਿਸਟਾਂ ਤਿਆਰ ਕੀਤੀਆਂ ਜਾ ਰਹੀਆਂ ਹਨ ਉਨ੍ਹਾਂ ਪੀੜਤਾਂ ਪਰਿਵਾਰਾਂ ਨੂੰ ਆਉਣ ਵਾਲੇ ਸਮੇਂ ਵਿੱਚ ਸੀਮੈਂਟ ਬੱਜਰੀ ਰੇਤਾਂ ਬੱਜਰੀ ਬੀਜ ਦਵਾਈਆਂ ਖਾਂਦਾ ਤੇ ਬਿਜਲੀ ਦੀਆਂ ਮੋਟਰਾਂ ਫਰਨੀਚਰ ਦਾ ਸਾਰਾ ਸਮਾਨ ਆਦਿ ਨਵਾਂ ਲੈਕੇ ਸੇਵਾ ਕਰਨ ਦੀ ਬਹੁਤ ਵੱਡੀ ਲੋੜ ਹੈ ਦਾਨੀਆਂ ਸੰਗਤਾਂ ਨੂੰ ਉਨ੍ਹਾਂ ਪੀੜਤ ਪਰਿਵਾਰਾਂ ਦੇ ਬੈਕ ਅਕਾਊਟ ਖਾਤੇ ਦੀਆਂ ਲਿਸਟਾਂ ਦਿੱਤੀਆਂ ਜਾਣਗੀਆਂ ਤਾ ਜੋ ਸਹੀ ਜਗ੍ਹਾ ਤੇ ਸੇਵਾ ਲੱਗ ਸਕੇ ਤਾਂ ਨਜਾਇਜ਼ ਲੁੱਟ ਨਾ ਹੋ ਸਕੇ ਤੇ ਪੀੜਤਾਂ ਪਰਿਵਾਰਾਂ ਨੂੰ ਰਹਿਤ ਮਿਲ ਸਕੇ ਅੱਗੇ ਰਣਜੀਤ ਸਿੰਘ ਭੋਮਾ ਪ੍ਰਧਾਨ ਸਮਾਜ ਸੁਧਾਰ ਸੰਸਥਾ ਪੰਜਾਬ ਨੇ ਕਿਹਾ ਕਿ ਸੰਗਤਾ ਇਨਾਂ ਨੰਬਰਾਂ 82643-20308, 98780-89832 ਤੇ ਸੰਪਰਕ ਕਰ ਸਕਦੀਆਂ ਹਨ!

# ਹਨੇਰੇ ਜੀਵਨ ਵਿਚ ਨਵੀਂ ਰੋਸ਼ਨੀ ਲਿਆਉਂਦਾ ਹੈ ਨੇਤਰਦਾਨ : ਡਾ. ਰਵਜੋਤ

### ਨੇਤਰਦਾਨ ਜੀਵਨ ਤੋਂ ਬਾਅਦ ਵੀ ਸਮਾਜ ਨਾਲ ਜੁੜੇ ਰਹਿਣ ਦਾ ਇਕ ਸਾਧਨ : ਵਿਧਾਇਕ ਜਿੰਪਾ







ਹੁਸ਼ਿਆਰਪੁਰ, 7 ਸਤੰਬਰ (ਆਵਾਜ਼ਿ ਕੌਮ ਬਿਊਰੋ)- ਆਈ ਡੋਨੇਸ਼ਨ ਐਸੋਸੀਏਸ਼ਨ, ਹੁਸ਼ਿਆਰਪੁਰ ਵੱਲੋਂ ਮਾਡਲ ਟਾਊਨ ਕਲੱਬ ਵਿਖੇ 40ਵਾਂ ਰਾਸ਼ਟਰੀ ਨੇਤਰਦਾਨ ਪੰਦਰਵਾੜਾ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਅੱਖਾਂ ਦਾਨ ਕਰਨ ਵਾਲੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਮਾਜ ਨੂੰ ਇਕ ਪ੍ਰੇਰਨਾਦਾਇਕ ਸੰਦੇਸ਼ ਦਿੱਤਾ ਗਿਆ। ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਪ੍ਰੋਗਰਾਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ ਨੇਤਰਦਾਨ ਸਭ ਤੋਂ ਵੱਡਾ ਦਾਨ ਹੈ ਕਿਉਂਕਿ ਇਹ ਲੋੜਵੰਦ ਵਿਅਕਤੀ ਦੇ ਹਨੇਰੇ ਜੀਵਨ ਨੂੰ ਰੋਸ਼ਨੀ ਵਿਚ ਬਦਲ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਆਪਣੇ ਜੀਵਨ ਕਾਲ ਵਿਚ ਬਹੁਤ ਸਾਰੇ ਚੰਗੇ ਕੰਮ ਕਰਦਾ ਹੈ, ਪਰ ਮੌਤ ਤੋਂ ਬਾਅਦ ਵੀ ਅੱਖਾਂ ਦਾਨ ਕਰਕੇ ਸਮਾਜ ਦੀ ਸੇਵਾ ਕੀਤੀ ਜਾ ਸਕਦੀ ਹੈ। ਡਾ. ਰਵਜੋਤ ਨੇ ਲੋਕਾਂ ਨੂੰ ਇਸ ਮੁਹਿੰਮ ਵਿਚ ਸ਼ਾਮਲ ਹੋਣ ਅਤੇ ਇਸ ਨੂੰ ਹਰ ਘਰ ਤੱਕ ਫੈਲਾਉਣ ਵਿਚ ਮਦਦ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਅੱਖਾਂ ਦਾਨ ਸਿਰਫ਼ ਇਕ ਸੇਵਾ ਹੀ ਨਹੀਂ ਹੈ ਸਗੋਂ ਇਹ ਜੀਵਨ ਤੋਂ ਬਾਅਦ ਵੀ ਸਮਾਜ ਨਾਲ ਜੁੜੇ ਰਹਿਣ ਦਾ ਸਾਧਨ ਹੈ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਦੇ ਲੋਕਾਂ ਨੇ ਹਮੇਸ਼ਾ ਸਮਾਜ ਸੇਵਾ ਦੀ ਮਿਸਾਲ ਕਾਇਮ ਕੀਤੀ ਹੈ ਅਤੇ ਅੱਖਾਂ ਦਾਨ ਦੀ ਇਸ ਮੁਹਿੰਮ ਨੂੰ ਹੋਰ ਤੇਜ਼ ਕਰਨ ਦੀ ਲੋੜ ਹੈ। ਵਿਧਾਇਕ ਜਿੰਪਾ ਨੇ ਆਈ ਡੋਨੇਸ਼ਨ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸਮਾਜ ਲਈ ਪ੍ਰੇਰਨਾ ਸਰੋਤ ਦੱਸਿਆ। ਵਿਸ਼ੇਸ਼ ਮਹਿਮਾਨ ਡਾ. ਸੀਮਾ ਗਰਗ ਕਾਰਜਕਾਰੀ ਸਿਵਲ ਸਰਜਨ, ਹੁਸ਼ਿਆਰਪੁਰ ਨੇ ਕਿਹਾ ਕਿ ਅੱਖਾਂ ਦਾਨ ਦੀ ਮਹੱਤਤਾ ਨੂੰ ਸਮਝਣਾ ਸਮੇਂ ਦੀ ਲੋੜ ਹੈ ਅਤੇ ਹਰ ਵਰਗ ਨੂੰ ਇਸ ਤੋਂ ਜਾਣੂ ਹੋਣਾ ਚਾਹੀਦਾ ਹੈ। ਐਸੋਸੀਏਸ਼ਨ ਦੇ ਜਨਰਲ ਸਕੱਤਰ ਬਲਜੀਤ ਸਿੰਘ ਪਨੇਸਰ ਨੇ ਸੰਸਥਾ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜਿਕ ਕਾਰਜਾਂ 'ਤੇ ਚਾਨਣਾ ਪਾਇਆ। ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋ. ਬਹਾਦਰ ਸਿੰਘ ਸੁਨੇਤ ਨੇ ਕਿਹਾ ਕਿ ਉਨ੍ਹਾਂ ਦੀ ਸੰਸਥਾ ਲੋਕਾਂ ਦੇ ਜੀਵਨ ਨੂੰ ਰੋਸ਼ਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਨੇ ਹਜ਼ਾਰਾਂ ਨੇਤਰਹੀਣਾਂ ਨੂੰ ਨਵੀਂ ਰੌਸ਼ਨੀ ਦਿੱਤੀ ਹੈ ਅਤੇ ਦੇਸ਼ ਭਰ ਵਿਚ ਹੁਸ਼ਿਆਰਪੁਰ ਦਾ ਨਾਮ ਰੋਸ਼ਨ ਕੀਤਾ ਹੈ। ਪ੍ਰੋਗਰਾਮ ਦੌਰਾਨ ਇਹ ਸੰਕਲਪ ਲਿਆ ਗਿਆ ਕਿ ਸੰਸਥਾ ਭਵਿੱਖ ਵਿਚ ਵੀ ਅੱਖਾਂ ਦਾਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਵਿਸ਼ੇਸ਼ ਮੁਹਿੰਮਾਂ ਅਤੇ ਵਰਕਸ਼ਾਪਾਂ ਦਾ ਆਯੋਜਨ ਕਰਦੀ ਰਹੇਗੀ। ਇਸ ਮੌਕੇ ਸਰਪ੍ਰਸਤ ਪ੍ਰੋ: ਬਹਾਦਰ ਸਿੰਘ ਸੁਨੇਤ, ਪ੍ਰਧਾਨ ਸੁਰੇਸ਼ ਕਪਾਟੀਆ, ਜਨਰਲ ਸਕੱਤਰ ਬਲਜੀਤ ਸਿੰਘ ਪਨੇਸਰ, ਗੁਰਪਾਲ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ, ਸੰਤੋਸ਼ ਸੈਣੀ, ਪ੍ਰੇਮ ਸੈਣੀ, ਮਾਸਟਰ ਮਹਿੰਦਰ ਸਿੰਘ, ਹਰਭਜਨ ਸਿੰਘ, ਹਰਬੰਸ ਸਿੰਘ, ਬਹਾਦਰ ਸਿੰਘ ਸਿੱਧੂ, ਡਾ: ਕਿਸ਼ੋਰੀ ਲਾਲ, ਐੱਸ.ਪੀ. ਸ਼ਰਮਾ, ਜਤਿੰਦਰ ਕੌਰ, ਸੁਰਜਨ ਨੈਨ ਕੌਰ, ਲਖਵਿੰਦਰ ਕੌਰ, ਕੰਚਨ ਦਿਓਲ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243